ਪੰਜਾਬੀ ਸੱਭਿਆਚਾਰ ਅਤੇ ਗਾਇਕੀ ਦਾ ਮਾਣ, ਤੂੰਬੀ ਦੇ ਬਾਦਸ਼ਾਹ ਮਰਹੂਮ ਕਲਾਕਾਰ ਉਸਤਾਦ ਲਾਲ ਚੰਦ ਯਮਲਾ ਜੱਟ ਦਾ 26ਵਾਂ ਯਾਦਗਾਰੀ ਮੇਲਾ ਕੈਲੀਫੋਰਨੀਆ ਦੇ ਸ਼ਹਿਰ ਫਾਊਲਰ ਵਿਖੇ ਲਾਇਆ ਗਿਆ, ਜਿਸ ਦੀ ਸ਼ੁਰੂਆਤ ਸਭ ਨੂੰ ਜੀ ਆਇਆਂ ਕਹਿੰਦੇ ਹੋਏ ਜਸਵੰਤ ਸਿੰਘ ਮਹਿੰਮੀ ਨੇ ਕੀਤੀ। ਇਸ ਉਪਰੰਤ ਉਸਤਾਦ ਲਾਲ ਚੰਦ ਯਮਲਾ ਜੱਟ ਦੀ ਤਸਵੀਰ ਉੱਪਰ ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ ਹਾਰ ਪਾਉਣ ਦੀ ਰਸਮ ਕੀਤੀ ਗਈ।

ਮੇਲੇ ਦੌਰਾਨ ਯਮਲਾ ਜੱਟ ਦੇ ਲਾਡਲੇ ਸ਼ਾਗਿਰਦ ਅਤੇ ਮੇਲਾ ਕਮੇਟੀ ਦੇ ਪ੍ਰੈਜ਼ੀਡੈਂਟ ਰਾਜਿੰਦਰ ਬਰਾੜ, ਉਰਫ ਰਾਜ ਬਰਾੜ ਯਮਲਾ ਨੇ ਸਭ ਨੂੰ ਜੀ ਆਇਆਂ ਕਹਿਣ ਉਪਰੰਤ ਆਪਣੀ ਗਾਇਕੀ ਰਾਹੀਂ ਖੂਬ ਰੰਗ ਬੰਨ੍ਹੇ। ਖੁੱਲ੍ਹੇ ਅਖਾੜੇ ਵਿਚ ਸਥਾਨਕ ਗਾਇਕ ਕਮਲਜੀਤ ਬੈਨੀਪਾਲ, ਗਾਇਕ ਗੌਗੀ ਸੰਧੂ ਅਤੇ ਹੋਰਨਾਂ ਨੇ ਆਪਣੇ-ਆਪਣੇ ਅੰਦਾਜ਼ ਵਿਚ ਗੀਤ ਗਾਏ। ਇਸੇ ਤਰ੍ਹਾਂ ਸਥਾਨਕ ਕੈਲੀਫੋਰਨੀਆ ਦੇ ਦਿਲਦਾਰ ਬ੍ਰਦਰਜ਼ ਗਰੁੱਪ ਦੇ ਗਾਇਕ ਅਵਤਾਰ ਗਰੇਵਾਲ, ਰਾਣੀ ਗਿੱਲ ਅਤੇ ਕਾਤਾਂ ਸਹੋਤਾ ਨੇ ਆਪਣੇ ਰਿਕਾਰਡ ਹੋਏ ਭੰਗੜੇ ਵਾਲੇ ਗੀਤਾਂ ਰਾਹੀ ਖੂਬ ਰੌਣਕਾਂ ਲਾਈਆਂ। ਕੈਲੀਫੋਰਨੀਆ ਦੀ ਪ੍ਰਸਿੱਧ ਦੋਗਾਣਾ ਜੋੜੀ ਗਾਇਕ ਪੱਪੀ ਭਦੌੜ ਅਤੇ ਦਿਲਪ੍ਰੀਤ ਕੌਰ ਦਿਲ ਨੇ ਪੰਜਾਬੀ ਸੱਭਿਆਚਾਰ ਦੇ ਦੋਗਾਣਾ ਰੰਗ ਨੂੰ ਪੇਸ਼ ਕਰਕੇ ਸਭ ਦਾ ਦਿਲ ਜਿੱਤਿਆ।

ਇਸ ਸਮੇਂ ਹੋਰ ਬੁਲਾਰਿਆਂ 'ਚ ਨਾਜ਼ਰ ਸਿੰਘ ਕੂਨਰ, ਜਗਤਾਰ ਸਿੰਘ ਗਿੱਲ, ਰਾਜਿੰਦਰ ਬਰਾੜ, ਡਾ. ਹਰਮੇਸ ਕੁਮਾਰ ਅਤੇ ਚਰਨਜੀਤ ਸਹੋਤਾ, ਸਕੱਤਰ ਬੰਸੀ ਲਾਲ ਬੰਗੜ ਆਦਿਕ ਬਹੁਤ ਸਾਰੇ ਹਾਜ਼ਰੀਨ ਨੇ ਵਿਚਾਰਾਂ ਦੀ ਸਾਂਝ ਪਾਈ। ਪ੍ਰੋਗਰਾਮ ਦੌਰਾਨ ਜਸਵੰਤ ਸਿੰਘ ਮਹਿੰਮੀ ਨੇ ਯਮਲਾ ਜੀ ਦੇ ਜ਼ਿੰਦਗੀ ਦੇ ਪੱਖ ਸਾਂਝੇ ਕਰਦੇ ਹੋਏ ਬਾਖੂਬੀ ਸ਼ਾਇਰਾਨਾ ਅੰਦਾਜ਼ ਵਿਚ ਸਟੇਜ ਸੰਚਾਲਨ ਕੀਤਾ। ਜਦਕਿ ਜਗਤਾਰ ਸਿੰਘ ਗਿੱਲ ਨੇ ਵੀ ਸਹਾਇਕ ਸਟੇਜ ਹੋਸਟ ਵਜੋਂ ਹਾਜ਼ਰੀ ਲਵਾਈ। ਹਾਜ਼ਰੀਨ ਲਈ ਚਾਹ-ਪਕੌੜੇ ਆਦਿਕ ਦੇ ਲੰਗਰ ਖੁੱਲ੍ਹੇ ਚੱਲੇ। ਸਮੁੱਚੇ ਪ੍ਰੋਗਰਾਮ ਦੌਰਾਨ ਸੰਗੀਤ ਨਰਿੰਦਰ ਬੱਗਾ, ਅਮਰੀਕ ਮੀਕਾ ਅਤੇ ਸੰਨੀ ਐਂਡ ਪਾਰਟੀ ਵੱਲੋਂ ਦਿੱਤਾ ਗਿਆ। ਪੰਜਾਬੀ ਸੱਭਿਆਚਾਰ ਵਿਚ ਬਨੇਰਿਆਂ ਪਏ ਸਪੀਕਰਾਂ ਦੀ ਗੂੰਜ ਨੂੰ ਦੂਰ ਤੱਕ ਪਹੁੰਚਾਉਣ ਲਈ ਸੇਵਾਵਾਂ ਡੀ.ਜੇ. ਫੌਜੀ ਦੁਆਰਾ ਨਿਭਾਈਆਂ ਗਈਆ।

ਇਸ ਯਾਦਗਾਰੀ ਮੇਲੇ ਵਿਚ ਹਾਜ਼ਰ ਸਮੂਹ ਕਲਾਕਾਰਾਂ ਅਤੇ ਪ੍ਰਮੁੱਖ ਸ਼ਖਸੀਅਤਾਂ ਦਾ ਪ੍ਰਬੰਧਕਾਂ ਵੱਲੋਂ ਸਨਮਾਨ ਕੀਤਾ ਗਿਆ। ਮੇਲੇ ਦੀਆਂ ਯਾਦਾਂ ਨੂੰ ਕੈਮਰਾਬੱਧ ਕਰਨ ਲਈ ਵਿਸ਼ੇਸ਼ ਸੇਵਾਵਾਂ ਸ. ਸ਼ਿਆਰਾ ਸਿੰਘ ਢੀਂਡਸਾ "ਓਮਨੀ ਵੀਡੀਓ ਬੇਕਰਸਫੀਲਡ" ਨੇ ਨਿਭਾਈਆਂ। ਅੰਤ ਵਿਚ ਮੇਲੇ ਦੇ ਮੁੱਖ ਪ੍ਰਬੰਧਕ ਰਾਜਿੰਦਰ ਸਿੰਘ ਬਰਾੜ ਉਰਫ ਰਾਜ ਬਰਾੜ ਯਮਲੇ ਨੇ ਸਭ ਹਾਜ਼ਰੀਨ ਦਾ ਸਹਿਯੋਗ ਲਈ ਧੰਨਵਾਦ ਕੀਤਾ। ਉਸਤਾਦ ਲਾਲ ਚੰਦ ਯਮਲਾ ਜੱਟ ਦੀ ਗਾਇਕੀ ਅਤੇ ਗੀਤਕਾਰੀ ਨੂੰ ਸਿੱਜਦਾ ਕਰਦੇ ਹੋਏ, ਅੰਤ ਆਪਣੀਆਂ ਅਮਿੱਟ ਪੈੜਾਂ ਛੱਡਦਾ ਹੋਇਆ ਮੇਲਾ ਯਾਦਗਾਰੀ ਹੋ ਨਿਬੜਿਆ।



ਪੰਜਾਬ ਨੂੰ ਨਸ਼ਾ ਮਾਫ਼ੀਆ ਦੇ ਹਵਾਲੇ ਕਰਨ ਵਾਲੇ ਭਗਵੰਤ ਮਾਨ ਕੁਰਸੀ 'ਤੇ ਰਹਿਣ ਦਾ ਨੈਤਿਕ ਹੱਕ ਗੁਆ ਚੁੱਕੇ, ਤੁਰੰਤ ਅਸਤੀਫ਼ਾ ਦੇਣ: ਪ੍ਰੋ. ਸਰਚਾਂਦ ਸਿੰਘ ਖ਼ਿਆਲਾ

ਅੰਮ੍ਰਿਤਸਰ
ਧੈਰਿਆ ਮਹਿਰਾ

ਭਾਰਤੀ ਜਨਤਾ ਪਾਰਟੀ ਪੰਜਾਬ ਦੇ ਸੂਬਾ ਬੁਲਾਰੇ ਪ੍ਰੋਫੈਸਰ ਸਰਚਾਂਦ ਸਿੰਘ ਖ਼ਿਆਲਾ ਨੇ ਮਾਨਸਾ ਵਿਖੇ ਨਸ਼ਾ ਵਿਰੋਧੀ ਕਾਰਕੁਨ ਪਰਵਿੰਦਰ ਸਿੰਘ ਝੋਟਾ ਦੇ ਦਿਨ-ਦਿਹਾੜੇ ਹੋਏ ਬੇਰਹਿਮ ਕਤਲ 'ਤੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖਾ ਹਮਲਾ ਬੋਲਿਆ ਤੇ ਕਿਹਾ ਕਿ ਪੰਜਾਬ ਨੂੰ ਨਸ਼ਾ ਮਾਫ਼ੀਆ ਦੇ ਹਵਾਲੇ ਕਰਨ ਵਾਲੇ ਭਗਵੰਤ ਮਾਨ ਕੁਰਸੀ 'ਤੇ ਬਣੇ ਰਹਿਣ ਦਾ ਨੈਤਿਕ ਹੱਕ ਗੁਆ ਚੁੱਕੇ ਹਨ ਤੇ ਉਨ੍ਹਾਂ ਨੂੰ ਤੁਰੰਤ ਕੁਰਸੀ ਛੱਡ ਦੇਣੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ 'ਬਦਲਾਅ' ਅਤੇ 'ਇਨਕਲਾਬ' ਦੇ ਵੱਡੇ-ਵੱਡੇ ਦਾਅਵੇ ਕਰਕੇ ਸੱਤਾ ਵਿੱਚ ਆਈ ਭਗਵੰਤ ਮਾਨ ਸਰਕਾਰ ਨੇ ਪੰਜਾਬ ਨੂੰ ਪੂਰੀ ਤਰ੍ਹਾਂ ਜੰਗਲ ਰਾਜ ਅਤੇ ਅਰਾਜਕਤਾ ਦੇ ਅੱਡੇ ਵਿੱਚ ਤਬਦੀਲ ਕਰ ਦਿੱਤਾ ਹੈ। ਜੇਕਰ ਸੂਬੇ ਵਿੱਚ ਨਸ਼ਿਆਂ ਵਿਰੁੱਧ ਆਵਾਜ਼ ਚੁੱਕਣ ਵਾਲੇ ਜਾਗਰੂਕ ਨੌਜਵਾਨ ਹੀ ਕੈਮਰਿਆਂ ਸਾਹਮਣੇ ਗੋਲੀਆਂ ਨਾਲ ਭੁੰਨੇ ਜਾ ਰਹੇ ਹਨ, ਤਾਂ ਸਰਕਾਰ ਦੀ ਅਖੌਤੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੀ ਅਸਲੀਅਤ ਖੁਦ-ਬ-ਖੁਦ ਬੇਨਕਾਬ ਹੋ ਜਾਂਦੀ ਹੈ।

ਉਨ੍ਹਾਂ ਕਿਹਾ ਕਿ ਤਿੰਨ ਮਹੀਨਿਆਂ ਵਿੱਚ ਨਸ਼ਾ ਖ਼ਤਮ ਕਰਨ ਦੀ ਗਾਰੰਟੀ ਦੇਣ ਵਾਲੇ ਮੁੱਖ ਮੰਤਰੀ ਭਗਵੰਤ ਮਾਨ ਕੋਲ ਪੰਜ ਸਾਲਾਂ ਦਾ ਕਾਰਜਕਾਲ ਪੂਰਾ ਹੋਣ ਨੇੜੇ ਆਉਣ ਦੇ ਬਾਵਜੂਦ ਪੰਜਾਬ ਨੂੰ ਨਸ਼ਾ ਮੁਕਤ ਕਰਨ ਲਈ ਠੋਸ ਨਤੀਜਿਆਂ ਦੀ ਥਾਂ ਲੋਕਾਂ ਨੂੰ ਦੇਣ ਲਈ ਸਿਰਫ਼ ਖੋਖਲੇ ਭਰੋਸੇ ਹੀ ਬਚੇ ਹਨ।

ਪ੍ਰੋ. ਖ਼ਿਆਲਾ ਨੇ ਪੁਲਿਸ ਅਤੇ ਸਰਕਾਰੀ ਧਿਰ ਵੱਲੋਂ ਇਸ ਕਤਲ ਨੂੰ ਸਿਰਫ਼ "ਨਿੱਜੀ ਰੰਜਿਸ਼" ਕਰਾਰ ਦੇਣ ਦੀ ਕਾਰਵਾਈ ਨੂੰ ਨਾਕਾਮੀ ਛੁਪਾਉਣ ਦੀ ਸ਼ਰਮਨਾਕ ਸਾਜ਼ਿਸ਼ ਦੱਸਿਆ। ਉਨ੍ਹਾਂ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਪੰਜਾਬ ਦੀ ਜਵਾਨੀ ਨੂੰ ਘੁਣ ਵਾਂਗ ਖਾ ਰਹੇ ਮੈਡੀਕਲ ਨਸ਼ੇ ਦੇ ਗੋਰਖਧੰਦੇ ਖ਼ਿਲਾਫ਼ ਮੋਹਰੀ ਹੋ ਕੇ ਲੜ ਰਿਹਾ ਸੀ। ਤਸਕਰਾਂ ਵੱਲੋਂ ਦਿਨ-ਦਿਹਾੜੇ ਅਜਿਹੀ ਵਾਰਦਾਤ ਨੂੰ ਅੰਜਾਮ ਦੇਣਾ ਇਸ ਗੱਲ ਦਾ ਪੁਖ਼ਤਾ ਸਬੂਤ ਹੈ ਕਿ ਸੂਬੇ ਅੰਦਰ ਅਪਰਾਧੀਆਂ ਨੂੰ ਪੁਲਿਸ ਜਾਂ ਕਾਨੂੰਨ ਦਾ ਕੋਈ ਡਰ ਨਹੀਂ ਰਿਹਾ। ਪ੍ਰੋ. ਖ਼ਿਆਲਾ ਨੇ ਮਾਨ ਸਰਕਾਰ ਨੂੰ ਕਟਹਿਰੇ ਵਿੱਚ ਖੜ੍ਹਾ ਕਰਦਿਆਂ ਸਿੱਧੇ ਸਵਾਲ ਦਾਗੇ ਹਨ ਕਿ ਸਾਡੇ ਲਈ ਵਿਡੰਬਣਾ ਹੈ ਕਿ ਸੂਬੇ ਵਿੱਚ ਅਜਿਹੇ ਹਾਲਾਤ ਕਿਉਂ ਬਣ ਗਏ ਹਨ ਕਿ ਇਨਸਾਫ਼ ਪ੍ਰਾਪਤੀ ਅਤੇ ਸਬੂਤਾਂ ਦੀ ਰਾਖੀ ਲਈ ਲੋਕਾਂ ਨੂੰ ਮੁਰਦਾਘਰਾਂ ਦੇ ਬਾਹਰ ਪਹਿਰੇ ਦੇਣ ਲਈ ਮਜਬੂਰ ਹੋਣਾ ਪੈ ਰਿਹਾ ਹੈ? ਜਿਸ ਮੁਲਜ਼ਮ ਖ਼ਿਲਾਫ਼ ਪਹਿਲਾਂ ਹੀ ਅਪਰਾਧਿਕ ਮਾਮਲੇ ਦਰਜ ਸਨ, ਉਹ ਪੁਲਿਸ ਦੀ ਨੱਕ ਹੇਠ ਸ਼ਰੇਆਮ ਨਸ਼ੀਲੀਆਂ ਗੋਲੀਆਂ ਦਾ ਕਾਰੋਬਾਰ ਕਿਵੇਂ ਚਲਾ ਰਿਹਾ ਸੀ? ਅਪਰਾਧਿਕ ਪਿਛੋਕੜ ਦੇ ਬਾਵਜੂਦ ਉਸ ਨੂੰ ਅਸਲਾ ਲਾਇਸੈਂਸ ਕਿਸ ਦੀ ਸਿਫ਼ਾਰਸ਼ 'ਤੇ ਜਾਰੀ ਹੋਇਆ ਅਤੇ ਪ੍ਰਸ਼ਾਸਨ ਨੇ ਸਮੇਂ ਸਿਰ ਇਸ ਦੀ ਸਮੀਖਿਆ ਜਾਂ ਰੱਦ ਕਿਉਂ ਨਹੀਂ ਕੀਤਾ?ਪ੍ਰੋ. ਖ਼ਿਆਲਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਜੇਲ੍ਹਾਂ ਦੀ 26 ਹਜ਼ਾਰ ਸਮਰੱਥਾ ਦੇ ਬਾਵਜੂਦ 90 ਹਜ਼ਾਰ ਐੱਫ.ਆਈ.ਆਰਜ਼. ਤੇ ਗ੍ਰਿਫ਼ਤਾਰੀਆਂ ਦੇ ਅੰਕੜੇ ਗਿਣਾ ਕੇ ਲੋਕਾਂ ਦੀਆਂ ਅੱਖਾਂ ਵਿੱਚ ਘੱਟਾ ਪਾਉਣ ਦੀ ਕੋਸ਼ਿਸ਼ ਕਰ ਰਹੇ ਹਨ। ਸਿਰਫ਼ ਕਾਗ਼ਜ਼ੀ ਅੰਕੜੇ ਨਸ਼ਿਆਂ ਵਿਰੁੱਧ ਜੰਗ ਦੀ ਕਾਮਯਾਬੀ ਨਹੀਂ ਹੁੰਦੇ; ਅਸਲ ਸਵਾਲ ਇਹ ਹੈ ਕਿ ਜ਼ਮੀਨੀ ਪੱਧਰ 'ਤੇ ਨਸ਼ਾ ਸਪਲਾਈ ਦੇ ਨੈੱਟਵਰਕ ਕਿਉਂ ਨਹੀਂ ਟੁੱਟੇ? ਗੁਆਂਢੀ ਸੂਬਿਆਂ ਸਿਰ ਦੋਸ਼ ਮੜ੍ਹ ਕੇ ਮੁੱਖ ਮੰਤਰੀ ਆਪਣੀ ਜ਼ਿੰਮੇਵਾਰੀ ਤੋਂ ਪੱਲਾ ਨਹੀਂ ਝਾੜ ਸਕਦੇ। ਉਨ੍ਹਾਂ ਦੋਸ਼ ਲਾਇਆ ਕਿ ਹੇਠਲੇ ਪੱਧਰ ਤੋਂ ਲੈ ਕੇ ਸੱਤਾ ਦੇ ਗਲਿਆਰਿਆਂ ਤੱਕ ਫੈਲੀ ਕਥਿਤ ਪੁਸ਼ਤਪਨਾਹੀ ਅਤੇ ਪੁਲਿਸ-ਮਾਫ਼ੀਆ ਗੱਠਜੋੜ ਕਾਰਨ ਹੀ ਅੱਜ ਪੰਜਾਬ ਬਰਬਾਦੀ ਦੇ ਕੰਢੇ ਪੁੱਜ ਚੁੱਕਾ ਹੈ। ਈ.ਡੀ. ਅਤੇ ਸੀ.ਬੀ.ਆਈ. ਵੱਲੋਂ ਉੱਚ ਅਧਿਕਾਰੀਆਂ ਦੀਆਂ ਜਾਂਚਾਂ ਅਤੇ ਲੋਕਾਂ ਵੱਲੋਂ ਸਰਕਾਰੀ ਨੁਮਾਇੰਦਿਆਂ ਦਾ ਘਿਰਾਓ ਇਹ ਸਾਬਤ ਕਰਦਾ ਹੈ ਕਿ ਸਰਕਾਰ ਜਨਤਕ ਵਿਸ਼ਵਾਸ ਪੂਰੀ ਤਰ੍ਹਾਂ ਗੁਆ ਚੁੱਕੀ ਹੈ। ਭਾਜਪਾ ਆਗੂ ਨੇ ਪੁਰਜ਼ੋਰ ਮੰਗਾਂ ਰੱਖਦਿਆਂ ਕਿਹਾ ਕਿ ਪਰਵਿੰਦਰ ਸਿੰਘ ਝੋਟਾ ਦੇ ਕਤਲ ਅਤੇ ਨਸ਼ਾ ਤਸਕਰੀ ਦੇ ਪੂਰੇ ਨੈੱਟਵਰਕ ਦੀ ਪੜਤਾਲ ਸੀ.ਬੀ.ਆਈ. (ਛਭੀ) ਕਰੇ। ਪੀੜਤ ਪਰਿਵਾਰ ਦੀ ਮੰਗ ਅਨੁਸਾਰ ਪੋਸਟਮਾਰਟਮ ਪੀ.ਜੀ.ਆਈ. (ਫਘੀ) ਚੰਡੀਗੜ੍ਹ ਦੇ ਮਾਹਿਰ ਡਾਕਟਰਾਂ ਦੇ ਬੋਰਡ ਤੋਂ ਕਰਵਾਇਆ ਜਾਵੇ। ਮੁਲਜ਼ਮ ਨੂੰ ਅਸਲਾ ਲਾਇਸੈਂਸ ਜਾਰੀ ਕਰਨ ਵਾਲੇ ਅਤੇ ਨਸ਼ਾ ਤਸਕਰਾਂ ਨਾਲ ਮਿਲੀਭੁਗਤ ਰੱਖਣ ਵਾਲੇ ਸਬੰਧਤ ਪੁਲਿਸ ਅਧਿਕਾਰੀਆਂ ਤੇ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ। ਗ੍ਰਹਿ ਮੰਤਰਾਲੇ ਦੀ ਵਾਗਡੋਰ ਸੰਭਾਲ ਰਹੇ ਮੁੱਖ ਮੰਤਰੀ ਭਗਵੰਤ ਮਾਨ ਕਾਨੂੰਨ ਵਿਵਸਥਾ ਕਾਇਮ ਰੱਖਣ ਵਿੱਚ ਪੂਰੀ ਤਰ੍ਹਾਂ ਨਾਕਾਮ ਰਹਿਣ ਕਾਰਨ ਨੈਤਿਕ ਆਧਾਰ 'ਤੇ ਤੁਰੰਤ ਅਸਤੀਫ਼ਾ ਦੇਣ।

ਪ੍ਰੋ. ਸਰਚਾਂਦ ਸਿੰਘ ਖ਼ਿਆਲਾ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਪੀੜਤ ਪਰਿਵਾਰ ਅਤੇ ਨਸ ਿਆਂ ਵਿਰੁੱਧ ਡਟਣ ਵਾਲੇ ਨੌਜਵਾਨਾਂ ਦੇ ਨਾਲ ਚੱਟਾਨ ਵਾਂਗ ਖੜ੍ਹੀ ਹੈ। ਨਸ਼ਿਆਂ ਅਤੇ ਗੈਂਗਸਟਰਾਂ 'ਤੇ ਕਾਬੂ ਪਾਉਣ ਵਿੱਚ ਨਾਕਾਮ ਭਗਵੰਤ ਮਾਨ ਸਰਕਾਰ ਜਵਾਬਦੇਹੀ ਤੋਂ ਭੱਜ ਨਹੀਂ ਸਕਦੀ। ਸਰਕਾਰ ਅਤੇ ਨੁਮਾਇੰਦਿਆਂ ਨੂੰ ਜਨਤਕ ਵਿਰੋਧ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਪੰਜਾਬ ਵਿੱਚ ਕਾਨੂੰਨ ਦਾ ਰਾਜ ਕਾਇਮ ਰੱਖਣ ਦੀ ਥਾਂ ਅਪਰਾਧੀਆਂ ਦੇ ਹੌਸਲੇ ਬੁਲੰਦ ਹੋਣਾ ਸਰਕਾਰ ਦੀ ਕਾਰਗੁਜ਼ਾਰੀ 'ਤੇ ਵੱਡਾ ਸਵਾਲ ਹੈ।



ਗੈਂਗਸਟਰਾਂ 'ਤੇ ਵਾਰ ਦਾ 267ਵਾਂ ਦਿਨ: ਪੰਜਾਬ ਪੁਲਿਸ ਵੱਲੋਂ 522 ਥਾਈਂ ਛਾਪੇਮਾਰੀ; 232 ਕਾਬੂ

ਚੰਡੀਗੜ੍ਹ
ਸਾਂਝੀ ਸੋਚ ਬਿਊਰੋ

ਸੂਬੇ ਵਿੱਚ ਚੱਲ ਰਹੀ ਮੁਹਿੰਮ 'ਗੈਂਗਸਟਰਾਂ 'ਤੇ ਵਾਰ' ਦੇ 267ਵੇਂ ਦਿਨ ਪੰਜਾਬ ਪੁਲਿਸ ਨੇ ਅੱਜ ਰਾਜ ਭਰ ਵਿੱਚ ਗੈਂਗਸਟਰਾਂ ਦੇ ਸਾਥੀਆਂ ਦੇ ਪਛਾਣੇ ਗਏ ਅਤੇ ਮੈਪ ਕੀਤੇ 522 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ। ਜ਼ਿਕਰਯੋਗ ਹੈ ਕਿ 'ਗੈਂਗਸਟਰਾਂ 'ਤੇ ਵਾਰ'- ਪੰਜਾਬ ਨੂੰ ਗੈਂਗਸਟਰ ਮੁਕਤ ਸੂਬਾ ਬਣਾਉਣ ਲਈ ਫੈਸਲਾਕੁੰਨ ਜੰਗ, ਜੋ 20 ਜਨਵਰੀ, 2026 ਨੂੰ ਪੁਲਿਸ ਡਾਇਰੈਕਟਰ ਜਨਰਲ (ਡੀਜੀਪੀ) ਪੰਜਾਬ ਗੌਰਵ ਯਾਦਵ ਵੱਲੋਂ ਸ਼ੁਰੂ ਕੀਤੀ ਗਈ ਸੀ। ਐਂਟੀ-ਗੈਂਗਸਟਰ ਟਾਸਕ ਫੋਰਸ (ਏਜੀਟੀਐਫ) ਪੰਜਾਬ ਦੇ ਤਾਲਮੇਲ ਨਾਲ ਸਾਰੇ ਜ਼ਿਲ੍ਹਿਆਂ ਦੀਆਂ ਪੁਲਿਸ ਟੀਮਾਂ ਰਾਜ ਭਰ ਵਿੱਚ ਵਿਸ਼ੇਸ਼ ਕਾਰਵਾਈਆਂ ਕਰ ਰਹੀਆਂ ਹਨ। 267ਵੇਂ ਦਿਨ, ਪੁਲਿਸ ਟੀਮਾਂ ਨੇ ਇੱਕ ਹਥਿਆਰ ਸਮੇਤ 232 ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ, ਜਿਸ ਨਾਲ ਮੁਹਿੰਮ ਦੀ ਸ਼ੁਰੂਆਤ ਤੋਂ ਲੈ ਕੇ ਹੁਣ ਤੱਕ ਕੁੱਲ ਗ੍ਰਿਫ਼ਤਾਰੀਆਂ ਦੀ ਗਿਣਤੀ 78,413 ਹੋ ਗਈ ਹੈ। ਇਸ ਤੋਂ ਇਲਾਵਾ 160 ਵਿਅਕਤੀਆਂ ਵਿਰੁੱਧ ਇਹਤਿਆਤੀ ਕਾਰਵਾਈ ਕੀਤੀ ਗਈ ਹੈ। ਪੁਲਿਸ ਟੀਮਾਂ ਨੇ ਕਾਰਵਾਈ ਦੌਰਾਨ 10 ਭਗੌੜੇ ਅਪਰਾਧੀਆਂ ਨੂੰ ਵੀ ਗ੍ਰਿਫ਼ਤਾਰ ਕੀਤਾ ਹੈ।

ਲੋਕ, ਐਂਟੀ ਗੈਂਗਸਟਰ ਹੈਲਪਲਾਈਨ ਨੰਬਰ 93946-93946 ਰਾਹੀਂ ਲੋੜੀਂਦੇ ਅਪਰਾਧੀਆਂ ਅਤੇ ਗੈਂਗਸਟਰਾਂ ਗੁਪਤ ਰੂਪ ਵਿੱਚ ਰਿਪੋਰਟ ਕਰ ਸਕਦੇ ਹਨ ਅਤੇ ਅਪਰਾਧ ਅਤੇ ਅਪਰਾਧਿਕ ਗਤੀਵਿਧੀਆਂ ਬਾਰੇ ਸੂਹ ਵੀ ਦੇ ਸਕਦੇ ਹਨ।

ਇਸ ਦੌਰਾਨ, ਪੁਲਿਸ ਟੀਮਾਂ ਨੇ ਨਸ਼ਿਆਂ ਵਿਰੁੱਧ ਆਪਣੀ ਮੁਹਿੰਮ "ਯੁੱਧ ਨਸ਼ਿਆਂ ਵਿਰੁੱਧ" ਨੂੰ 592ਵੇਂ ਦਿਨ ਵੀ ਜਾਰੀ ਰੱਖਦਿਆਂ 142 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਦੇ ਕਬਜ਼ੇ ਵਿੱਚੋਂ 6.6 ਕਿਲੋ ਹੈਰੋਇਨ, 254 ਨਸ਼ੀਲੀਆਂ ਗੋਲੀਆਂ ਅਤੇ 2300 ਰੁਪਏ ਡਰੱਗ ਮਨੀ ਬਰਾਮਦ ਕੀਤੀ ਗਈ। ਇਸ ਦੇ ਨਾਲ ਹੀ, ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੀ ਕੁੱਲ ਗਿਣਤੀ ਸਿਰਫ਼ 592 ਦਿਨਾਂ ਵਿੱਚ 85,226 ਤੱਕ ਪਹੁੰਚ ਗਈ ਹੈ।

47TH ANNUAL MAHAN NAGAR KIRTAN

Dedicated to Guru Granth Sahib's Gurgaddi Divas



Waheguru Ji Ka Khalsa Shri Waheguru ji Ki Fateh

Dedicated to the Gurgaddi Divas of Juggo Jug Atal Dhan Dhan Sahib Sri Guru Granth Sahib Ji the sacred occasion of "Guru Maneyo Granth" is being celebrated with great devotion and enthusiasm with the support of the Sangat.

Sikh Temple Gurdwara Sahib Yuba City's 47th Annual Mahan Nagar Kirtan and Gurmati Samagam is going to be held on Sunday, November 1, 2026 with great devotion and enthusiasm with the support of the Sangat.

The series of Sri Akhand Path Sahib Ji started from September 4, 2026 which will end with Nagar Kirtan on November 1, 2026

Arriving Ragi Jathe and Preachers

Kirtani Jathe
- BHAI KAMALJIT SINGH JI, HAZURI RAGI, SRI DARBAR SAHIB
- BHAI MANINDER SINGH JI, SRINAGAR WALE

Kathavachak
- BHAI GURDEEP SINGH KAPURTHALA WALE

Dhadi
- BHAI SUKHWINDER SINGH ANMOL JI AND JATHA

Special Kirtan Event

Will be Held from
19TH October, 2026 (Monday)
from 6:00pm to 10:00pm Daily.

Apart from this, many other Raggi and Dhaadi and Kirtani groups will delight the Guru's followers with KIRTAN & katha thoughts.

CHILDREN'S SPECIAL KIRTAN DARBAR
On 10th October 2026 (SATURDAY) from 6:30pm to 9:30pm

SPECIAL DHADI DIWAN & MARTYRDOM DIWAS
On 24th October 2026 (SATURDAY) from 6:30 pm to 10:00 pm

RIAAN SABAI KIRTAN
On 31st October 2026 (SATURDAY) from 6 pm to 1:00 am in which famous Kirtanis will mesmerize the Discaples with thier hymes.

FIREWORKS
On 30st October 2026 (Friday) Display at 8:00 pm

BHAI MEHAL SINGH JI DA KAVISHARI JATHA
12 October, Monday to 17 October, Saturday
Time: 8:00 PM to 9:30 PM
18 October, Sunday, Time: 12:00 PM to 1:30 PM

DASTAR COMPETITION
31st October, Saturday
Time: 11:00 AM

AMRIT SANCHAR
On 31st October 2026 (SATURDAY) at 5:00 am

SEWA OF NISHAN SAHIB
On 31st October 2026 (SATURDAY) at 8:00 am

SEMINAR
31st October, Saturday
Time: 2:00 PM to 4:00 PM

BHOG & KIRTAN CEREMONY
On 1st November 2026 (SUNDAY) at 7:30 Morning Sri Akhand Path Sahib ji Will be Worshipped after which The Kirtan Ceremony will begin

NAGAR KIRTAN
Will be held On 1st November 2026 (SUNDAY) under the Auspice of Shri Guru Granth Sahib ji starting at 9:00am and will end up at 4:00pm after reaching Gurudwara Sahib

REQUEST All Guru Nanak Naam Sangat are requested to leave all their work and attend Nagar Kirtan and Attain the Happiness of the Guru Ji

The route of Nagar Kirtan will be the Same as last year, Parking of Vehicles will be done only at the Designated place Free buses will be arranged from River Valley High School to Guru Ghar from 08:00 am to 06:30 pm Special Arrangements have been made for security and the shop market will be held at the same Place a last year.

Requester: Gurudwara Sahib Management Committee Contact for More Information

Bhai Ranjit Singh Ji (Head Granthi Yuba City) (530) 673-9918, (530) 799-6989,
Chairman S: Dilbagh Singh Ji Bains (530) 682-9316, President: Sarabjit Singh ji Thiara (530) 682-5861,
Secretary: Tejinder Singh Ji Dosanjh (530) 751-6322, Treasurer: Harnek Singh (530) 682-8094

Serving Californians since 1999

Global Green®
INSURANCE AGENCY
Lic #oF34231

Mann Insurance Brokers Inc.
dba Global Green Insurance Agency of the Bay Area

AUTO, HOME, BUSINESS, LIFE

510-487-1000

WWW.GGIABA.COM

COVERED CALIFORNIA

Certified INSURANCE AGENT

Free Confidential Help

Call : Gurcharan Singh Mann
CA License

Medicare

Licensed Insurance Agent
CA Lic # 0C70672

CALL TO ENROL

510-557-0061

Buying OR Selling Real Estate Let US HELP

MANN
Real Estate Services

BAY AREA, TRACY, LATHROP, ELK GROVE, ROSEVILLE, ROCKLIN, MOUNTAIN HOUSE

510-557-0061

Find your home on our website

www.mannres.com



Gurcharan Singh Mann
DRE#02321006

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।


ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



Manjeet Singh Rattanpal

(209) 609-0010



ਇੱਥੇ ਵਿਆਹ ਸ਼ਾਦੀਆਂ ਲਈ ਕੈਟਰਿੰਗ ਦਾ ਖ਼ਾਸ ਪ੍ਰਬੰਧ ਹੈ

2242, West Grant Line Road,
Suite 101 Tracy CA-95377

(209) 835-9090

dhabaindiancuisine

DINE IN



ਬਘੇਲ ਸਿੰਘ ਧਾਲੀਵਾਲ
99142-58142

ਪਰਮਿੰਦਰ ਝੋਟੇ ਦਾ ਕਤਲ ਨਸ਼ਾ ਮਾਫ਼ੀਆ ਦੀ ਵਧਦੀ ਤਾਕਤ ਦਾ ਹਿੱਕ ਚੀਰਵਾਂ ਪਰਮਾਣ

ਨਸ਼ਿਆਂ ਵਿਰੁੱਧ ਲੰਮੇ ਸਮੇ ਤੋ ਸਰਗਰਮੀ ਨਾਲ ਮੁਹਿੰਮ ਚਲਾ ਰਹੇ ਪਰਮਿੰਦਰ ਸਿੰਘ ਝੋਟੇ ਦੇ ਕਤਲ ਦੀ ਮੰਦਭਾਗੀ ਖ਼ਬਰ ਨੇ ਜਿੱਥੇ ਪੰਜਾਬੀਆਂ ਨੂੰ ਝੰਜੋੜਕੇ ਰੱਖ ਦਿੱਤਾ,ਓਥੇ ਪੰਜਾਬ ਦੀ ਕਾਨੂੰਨ ਵਿਵਸਥਾ ਅਤੇ ਭਗਵੰਤ ਮਾਨ ਸਰਕਾਰ ਦੀ ਨਸ਼ਿਆਂ ਵਿਰੁੱਧ ਮੁਹਿੰਮ ਉੱਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ। ਜੇਕਰ ਨਸ਼ਿਆਂ ਵਿਰੁੱਧ ਆਵਾਜ਼ ਬੁਲੰਦ ਕਰਨ ਵਾਲੇ ਨੌਜਵਾਨਾਂ ਦੀ ਜਾਨ ਹੀ ਸੁਰੱਖਿਅਤ ਨਹੀਂ, ਤਾਂ ਫਿਰ ਪੰਜਾਬ ਸਰਕਾਰ ਦੀ ਨਸ਼ਿਆਂ ਵਿਰੁੱਧ ਜੰਗ ਦੇ ਦਾਅਵਿਆਂ ਦਾ ਕੀ ਅਰਥ ਰਹਿ ਜਾਂਦਾ ਹੈ। ਇਸ ਦਿਲ ਕੰਬਾਊ ਘਟਨਾ ਨੂੰ ਇੱਕ ਵਿਅਕਤੀ ਦੇ ਕਤਲ ਦਾ ਮਾਮਲਾ ਨਹੀਂ ਸਮਝਣਾ ਚਾਹੀਦਾ ਬਲਕਿ ਇਹ ਸੰਗੀਨ ਜੁਰਮ ਪੰਜਾਬ ਨੂੰ ਮਾਰਨ ਦੀ ਖਤਰਨਾਕ ਸਾਜਿਸ਼ ਦਾ ਹਿੱਸਾ ਹੈ।ਇਹ ਘਟਨਾ ਪੰਜਾਬ ਵਿੱਚ ਨਸ਼ਾ ਮਾਫ਼ੀਆ ਦੀ ਤਾਕਤ ਅਤੇ ਸਰਕਾਰੀ ਪ੍ਰਬੰਧ ਦੀ ਮਿਲੀ ਭੁਗਤ ਵਾਲੀ ਢਿੱਲੀ ਕਾਰਗੁਜ਼ਾਰੀ ਬਾਰੇ ਗੰਭੀਰ ਪੜਤਾਲ ਦੀ ਮੰਗ ਕਰਦੀ ਹੈ। ਪਰਮਿੰਦਰ ਸਿੰਘ ਝੋਟੇ ਵਰਗੇ ਨੌਜਵਾਨ ਆਪਣੀ ਜ਼ਿੰਦਗੀ ਦਾਅ 'ਤੇ ਲਾ ਕੇ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਸੰਘਰਸ਼ ਕਰਦੇ ਹਨ।

ਸਰਕਾਰ ਅਤੇ ਪੁਲਿਸ ਨੂੰ ਚਾਹੀਦਾ ਸੀ ਕਿ ਉਹ ਅਜਿਹੇ ਨੌਜਵਾਨਾਂ ਦੀ ਹੌਸਲਾ ਅਫ਼ਜ਼ਾਈ ਕਰਦੀ, ਉਨ੍ਹਾਂ ਨੂੰ ਸੁਰੱਖਿਆ ਦਿੰਦੀ ਅਤੇ ਨਸ਼ਾ ਤਸਕਰਾਂ ਵਿਰੁੱਧ ਉਹਨਾਂ ਦੇ ਨਾਲ ਮਿਲ ਕੇ ਸਖ਼ਤ ਕਾਰਵਾਈ ਕਰਦੀ,ਪਰ ਹੋਇਆ ਇਸ ਤੋ ਬਿਲਕੁਲ ਉਲਟ, ਪੁਲਿਸ ਨਸ਼ਿਆਂ ਵਿਰੁੱਧ ਮੁਹਿੰਮ ਚਲਾਉਣ ਵਾਲਿਆਂ ਨੂੰ ਹੀ ਝੂਠੇ ਕੇਸਾਂ ਵਿੱਚ ਫਸਾਉਣ ਦੇ ਸੰਗੀਨ ਰਾਹ ਤੇ ਚੱਲ ਪਈ। ਜੇਕਰ ਨਸ਼ਿਆਂ ਵਿਰੁੱਧ ਲੜਨ ਵਾਲਿਆਂ ਨੂੰ ਹੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪਵੇ ਅਤੇ ਉਨ੍ਹਾਂ ਦੀ ਸੁਰੱਖਿਆ ਯਕੀਨੀ ਨਾ ਬਣਾਈ ਜਾ ਸਕੇ, ਤਾਂ ਇਹ ਸਰਕਾਰ ਲਈ ਬੇਹੱਦ ਸ਼ਰਮਨਾਕ ਅਤੇ ਪੁਲਿਸ ਦੀ ਕਾਰਗੁਜ਼ਾਰੀ ਉੱਤੇ ਵੱਡਾ ਸਵਾਲੀਆ ਨਿਸ਼ਾਨ ਹੈ। ਯਾਦ ਰਹੇ ਕਿ ਮਾਨਸਾ ਵਿੱਚ ਨਸ਼ਿਆਂ ਵਿਰੁੱਧ ਪਰਮਿੰਦਰ ਸਿੰਘ ਝੋਟੇ ਦੀਆਂ ਸਰਗਰਮੀਆਂ ਅਤੇ ਏਸੇ ਹੀ ਮੈਡੀਕਲ ਸਟੋਰ ਨਾਲ ਜੁੜੇ 2023 ਦੇ ਵਿਵਾਦ ਤੋਂ ਬਾਅਦ ਪੁਲਿਸ ਨੇ ਡਰੱਗ ਮਾਫੀਆ ਤੇ ਕਾਰਵਾਈ ਕਰਨ ਦੀ ਬਜਾਏ ਵੱਡੇ ਪੱਧਰ ਤੇ ਛਾਪੇਮਾਰੀ ਚ ਪਰਮਿੰਦਰ ਝੋਟੇ ਨੂੰ ਗਿਰਫਤਾਰ ਕਰਕੇ ਜੇਲ੍ਹ ਭੇਜ ਦਿੱਤਾ ਸੀ। ਉਸ ਸਮੇਂ ਪੁਲਿਸ ਨੇ ਪਰਮਿੰਦਰ ਝੋਟੇ ਤੇ ਕਥਿਤ ਤੌਰ 'ਤੇ ਝੂਠੇ ਪਰਚੇ ਦਰਜ ਕਰਨ ਤੋ ਇਲਾਵਾ ਉਹਦੇ ਉੱਪਰ ਨਸ਼ਿਆਂ ਦਾ ਸੇਵਨ ਕਰਨ ਦੇ ਦੋਸ਼ ਲਾਕੇ ਬਦਨਾਮ ਕਰਨ ਦੀ ਅਸਫਲ ਕੋਸ਼ਿਸ਼ ਵੀ ਕੀਤੀ ਸੀ। ਇਨ੍ਹਾਂ ਦੋਸ਼ਾਂ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਜੇਕਰ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲਿਆਂ ਨੂੰ ਹੀ ਕਾਨੂੰਨੀ ਕਾਰਵਾਈ ਦੇ ਨਾਂ 'ਤੇ ਦਬਾਇਆ ਜਾਂਦਾ ਹੈ, ਤਾਂ ਸੁਭਵਿਕ ਹੈ ਕਿ ਨਸ਼ਾ ਮਾਫ਼ੀਆ ਦੇ ਹੌਸਲੇ ਬੁਲੰਦ ਹੋਣਗੇ,ਜਿਸ ਦੇ ਨਤੀਜੇ ਪੰਜਾਬ ਦਰਦੀ ਨੌਜਵਾਨਾਂ ਦੇ ਕਤਲਾਂ ਦੇ ਰੂਪ ਵਿੱਚ ਸਾਹਮਣੇ ਆਉਂਦੇ ਰਹਿਣਗੇ। ਇਸ ਮਾਮਲੇ ਤੋ ਕੁੱਝ ਸਮਾ ਪਹਿਲਾਂ ਦੀ ਗੱਲ ਹੈ ਮੋਹਣਜੀਤ ਸਿੰਘ ਸੇਰੋਂ ਅਤੇ ਦਿੜ੍ਹਬਾ ਨਾਲ ਜੁੜੇ ਗੁਲਜਾਰ ਖੁਦਕੁਸ਼ੀ ਮਾਮਲਿਆਂ ਵਿੱਚ ਵੀ ਸਰਕਾਰ ਅਤੇ ਪੁਲਿਸ ਦੀ ਭੂਮਿਕਾ ਬਾਰੇ ਗੰਭੀਰ ਸਵਾਲ ਉੱਠੇ ਸਨ। ਉਥੇ ਵੀ ਨਸ਼ਿਆਂ ਖਿਲਾਫ ਅਵਾਜ ਚੁੱਕਣ ਵਾਲੇ ਨੌਜਵਾਨ ਤੇ ਪੁਲਿਸ ਵੱਲੋਂ ਨਸ਼ਿਆਂ ਦਾ ਆਦੀ ਹੋਣ ਦੇ ਝੂਠੇ ਦੋਸ਼ ਲਾਏ ਗਏ ਸਨ। ਉਪਰੋਕਤ ਸਾਰੀਆਂ ਕੜੀਆਂ ਨੂੰ ਜਦੋ ਜੋੜਕੇ ਦੇਖਿਆ ਜਾਂਦਾ ਹਾਂ ਤਾਂ ਪੰਜਾਬ ਪੁਲਿਸ ਕਟਹਿਰੇ ਵਿੱਚ ਖੜੀ ਸਾਫ ਦਿਖਾਈ ਦਿੰਦੀ ਹੈ। ਇਨ੍ਹਾਂ ਸਾਰੇ ਮਾਮਲਿਆਂ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ, ਕਿਉਂਕਿ ਪੰਜਾਬ ਦੀ ਜਵਾਨੀ ਨੂੰ ਬਚਾਉਣਾ ਕਿਸੇ ਇੱਕ ਵਿਅਕਤੀ ਦੀ ਜਿੰਮੇਵਾਰੀ ਨਹੀਂ, ਸਗੋਂ ਸਮੁੱਚੇ ਸਮਾਜ ਦੀ ਸਾਂਝੀ ਜ਼ਿੰਮੇਵਾਰੀ ਹੈ। ਭਗਵੰਤ ਮਾਨ ਸਰਕਾਰ 'ਯੁੱਧ ਨਸ਼ਿਆਂ ਵਿਰੁੱਧ' ਵਰਗੀਆਂ ਮੁਹਿੰਮਾਂ ਰਾਹੀਂ ਨਸ਼ਿਆਂ ਦੇ ਖ਼ਾਤਮੇ ਦੇ ਦਾਅਵੇ ਕਰਦੀ ਆ ਰਹੀ ਹੈ। ਪਰ ਸਵਾਲ ਇਹ ਹੈ ਕਿ ਜੇਕਰ ਇੰਨੇ ਵੱਡੇ ਪੱਧਰ 'ਤੇ ਮੁਹਿੰਮ ਚਲਾਉਣ ਦੇ ਬਾਵਜੂਦ ਨਸ਼ਿਆਂ ਦਾ ਕਾਰੋਬਾਰ ਕਰਨ ਵਾਲੇ ਸ਼ਰੇਆਮ ਦਿਨ ਦਿਹਾੜੇ ਗੋਲੀਆਂ ਚਲਾ ਕੇ ਕਤਲ ਤੱਕ ਕਰਨ ਦੀ ਪ੍ਰਵਾਹ ਨਹੀ ਕਰਦੇ ਤਾਂ ਜਰੂਰ ਦਾਲ ਵਿੱਚ ਕੁੱਝ ਕਾਲ਼ਾ ਹੈ। ਅਜਿਹੀਆਂ ਹਿਰਦੇਵੇਧਿਕ ਘਟਨਾਵਾਂ ਦੇ ਵਾਪਰਨ ਨਾਲ ਨਸ਼ਾ ਵਿਰੋਧੀ ਕਾਰਕੁਨਾਂ ਦੀ ਸੁਰੱਖਿਆ ਬਾਰੇ ਵੀ ਸਵਾਲ ਖੜ੍ਹੇ ਹੁੰਦੇ ਹਨ,ਜਿਸ ਵਿੱਚ ਸਿੱਧੇ ਤੌਰ ਤੇ ਮੁੱਖ ਦੋਸ਼ੀ ਪੰਜਾਬ ਦੀ ਪੁਲਿਸ ਅਤੇ ਪੰਜਾਬ ਸਰਕਾਰ ਦਿਖਾਈ ਦਿੰਦੀ ਹੈ। ਸਰਕਾਰ ਨੂੰ ਸਪੱਸ਼ਟ ਕਰਨਾ ਚਾਹੀਦਾ ਹੈ ਕਿ ਨਸ਼ਾ ਤਸਕਰੀ ਦੀਆਂ ਜੜ੍ਹਾਂ ਤੱਕ ਪਹੁੰਚਣ ਲਈ ਕੀ ਕੀਤਾ ਗਿਆ ਹੈ, ਨਸ਼ਿਆਂ ਦੇ ਕਾਰੋਬਾਰ ਵਿੱਚ ਸ਼ਾਮਲ ਵੱਡੇ ਮਗਰਮੱਛਾਂ ਵਿਰੁੱਧ ਕਿੰਨੀ ਕਾਰਵਾਈ ਹੋਈ ਹੈ ਅਤੇ ਨਸ਼ਿਆਂ ਵਿਰੁੱਧ ਆਵਾਜ਼ ਉਠਾਉਣ ਵਾਲੇ ਲੋਕਾਂ ਦੀ ਸੁਰੱਖਿਆ ਲਈ ਕੀ ਪ੍ਰਬੰਧ ਕੀਤੇ ਗਏ ਹਨ। ਕੀ ਹੁਣ ਪਰਮਿੰਦਰ ਝੋਟੇ ਨੂੰ ਮਾਰਨ ਵਾਲੇ ਡਰੱਗ ਕਾਰੋਬਾਰੀ ਦਾ ਮੁਕਾਬਲਾ ਬਣਾ ਸਕੇਗੀ ਪੰਜਾਬ ਪੁਲਿਸ ? ਇਹ ਸਵਾਲ ਵੀ ਲੋਕ ਪੰਜਾਬ ਸਰਕਾਰ ਅਤੇ ਪੁਲਿਸ ਤੋ ਕੂਕ ਕੂਕ ਕੇ ਪੁੱਛ ਰਹੇ ਹਨ। ਇਸ ਦਾ ਜਵਾਬ ਨਾਹ ਵਿੱਚ ਹੋਣ ਦੀਆਂ ਜਿਆਦਾ ਸੰਭਾਵਨਾਵਾਂ ਹਨ,ਪਰੰਤੂ ਜੇਕਰ ਉਸ ਡਰੱਗ ਮਾਫੀਆ ਸਰਗਣੇ ਨੂੰ ਮਾਰਨ ਵਾਲਾ ਪਰਮਿੰਦਰ ਸਿੰਘ ਝੋਟਾ ਹੁੰਦਾ ਤਾਂ ਮੁਕਾਬਲਾ ਜਰੂਰ ਬਣ ਜਾਣਾ ਸੀ। ਛੋਟੇ ਤਸਕਰਾਂ ਦੀਆਂ ਗ੍ਰਿਫ਼ਤਾਰੀਆਂ, ਪ੍ਰੈੱਸ ਕਾਨਫ਼ਰੰਸਾਂ ਅਤੇ ਇਸ਼ਤਿਹਾਰਾਂ ਨਾਲ ਲੋਕਾਂ ਨੂੰ ਕੁੱਝ ਸਮੇ ਲਈ ਮੂਰਖ ਤਾਂ ਬਣਾਇਆ ਜਾ ਸਕਦਾ ਹੈ,ਪਰ ਪੰਜਾਬ ਦੀ ਜਵਾਨੀ ਨੂੰ ਨਹੀਂ ਬਚਾਇਆ ਜਾ ਸਕਦਾ। ਪਰਮਿੰਦਰ ਸਿੰਘ ਝੋਟੇ ਦਾ ਕਤਲ ਇੱਕ ਅਜਿਹਾ ਮਾਮਲਾ ਹੈ, ਜਿਸਨੂੰ ਅਣਗੌਲਿਆ ਕਰਨਾ ਪੰਜਾਬੀਆਂ ਵੱਲੋਂ ਖੁਦ ਆਪਣੇ ਪੁੱਤਾਂ ਧੀਆਂ ਲਈ ਮੌਤ ਦੇ ਕੁੰਡ ਤਿਆਰ ਕਰਨ ਵਾਲਾ ਵਰਤਾਰਾ ਹੋਵੇਗਾ। ਪਰਮਿੰਦਰ ਝੋਟੇ ਦੇ ਕਤਲ ਤੋ ਬਾਅਦ ਪੰਜਾਬ ਦੇ ਲੋਕਾਂ ਨੂੰ ਇਹ ਨਸੀਹਤ ਤਾਂ ਮਿਲ ਗਈ ਹੋਵੇਗੀ ਕਿ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਇਸ ਖਤਰਨਾਕ ਮਾਫੀਆ ਅਤੇ ਸੱਤਾ ਦੇ ਤਾਕਤਵਰ ਗੱਠਜੋੜ ਨਾਲ ਨੰਗੇ ਧੜ ਲੜਨ ਵਾਲਿਆਂ ਦੇ, ਜਿੰਨਾਂ ਦਾ ਅੰਜਾਮ ਮੌਤ ਹੀ ਹੈ,ਉਹਨਾਂ ਦੇ ਭੋਗਾਂ 'ਤੇ ਵੱਡੇ ਵੱਡੇ ਇਕੱਠ ਕਰਨ ਦੀ ਬਜਾਏ ਉਹਨਾਂ ਦੀ ਜਿਉਂਦਿਆਂ ਦੀ ਢਾਲ਼ ਬਣਿਆ ਜਾਵੇ,ਤਾਂ ਕਿ ਇਸ ਬੇਈਮਾਨ ਸਿਸਟਮ ਨੂੰ ਟੱਕਰ ਦਿੱਤੀ ਜਾ ਸਕੇ॥ ਜੇਕਰ ਸਰਕਾਰ ਸੱਚਮੁੱਚ ਪੰਜਾਬ ਪ੍ਰਤੀ ਇਮਾਨਦਾਰ ਹੁੰਦੀ ਤਾਂ ਨਸ਼ਾ ਤਸਕਰਾਂ ਵਿਰੁੱਧ ਨਿਰਪੱਖ ਕਾਰਵਾਈ ਅਤੇ ਪੁਲਿਸ ਦੀ ਜਵਾਬਦੇਹੀ ਨੂੰ ਯਕੀਨੀ ਬਣਾਇਆ ਜਾਣਾ ਚਾਹੀਦਾ ਸੀ, ਪਰ ਸਰਕਾਰ ਇਹ ਜ਼ਿੰਮੇਵਾਰੀ ਨਿਭਾਉਣ ਵਿੱਚ ਅਸਲੋਂ ਹੀ ਅਸਫਲ ਰਹੀ ਹੈ। ਪੰਜਾਬ ਸਰਕਾਰ ਦੀ ਨਸ਼ਾ ਵਿਰੋਧੀ ਮੁਹਿੰਮ ਦੇ ਦਾਅਵੇ ਲੋਕਾਂ ਦੇ ਮਨਾਂ ਵਿੱਚ ਭਰੋਸਾ ਪੈਦਾ ਕਰਨ ਦੀ ਬਜਾਏ ਰੋਸ ਪੈਦਾ ਕਰ ਰਹੇ ਹਨ। ਜੇਕਰ ਨਸ਼ਿਆਂ ਵਿਰੁੱਧ ਲੜਨ ਵਾਲਿਆਂ ਦਾ ਹਸ਼ਰ ਮੌਤ ਹੀ ਰਹਿਣਾ ਹੈ,ਤਾਂ ਨਸ਼ਾ ਮਾਫ਼ੀਆ ਵਿਰੁੱਧ ਜੰਗ ਜਿੱਤਣ ਦੇ ਸਰਕਾਰੀ ਦਾਅਵਿਆਂ ਦਾ ਕੀ ਮੁੱਲ ਰਹਿ ਜਾਂਦਾ ਹੈ,ਸੋ ਪੰਜਾਬ ਸਰਕਾਰ ਨੂੰ ਲੋਕ ਕਚਹਿਰੀ ਵਿੱਚ ਉਪਰੋਕਤ ਸਵਾਲਾਂ ਦਾ ਜਵਾਬ ਦੇਣਾ ਹੀ ਪਵੇਗਾ।



SERVPRO
OF TRACY
Cleaning. Restoration. Construction.

ਅਸੀਂ ਸਾਰੇ ਕੰਮ California ਦੇ Environmental, Restoration Standards ਅਤੇ Insurance Guidlines ਦੀ Compliance ਵਿੱਚ ਕਰਦੇ ਹਾਂ

ਅਸੀਂ Insurance Companies ਦੇ National Account 'ਤੇ ਹਾਂ

ਅੱਗ ਲੱਗਣ, ਪਾਣੀ ਅਤੇ Mold ਨਾਲ ਖ਼ਰਾਬ ਹੋਈ ਇਮਾਰਤ ਅਤੇ ਸਮਾਨ ਦੀ ਸਫ਼ਾਈ ਕਰਦੇ ਹਾਂ | ਨੁਕਸਾਨ ਹੋਈ ਇਮਾਰਤ ਅਤੇ ਸਮਾਨ ਦੀ Insurance ਨੂੰ ਰਿਪੋਰਟ ਕਰਕੇ ਮਾਲਕ ਨੂੰ ਪੈਸੇ ਦਵਾਉਂਦੇ ਹਾਂ

Before

After

- ਪਾਣੀ ਨਾਲ ਨੁਕਸਾਨ ਦੀ ਮੁਰੰਮਤ
- ਕਾਰਪੇਟ ਅਤੇ ਫਰਨੀਚਰ ਸੁਕਾਉਣਾ
- ਛੱਤ ਅਤੇ ਕੰਧਾਂ ਦੀ ਉੱਲੀ (Mold) ਹਟਾਉਣਾ
- Insurance ਕੰਪਨੀ ਨਾਲ ਕਲੇਮ ਦਵਾਉਣ ਵਿੱਚ ਮਦਦ

Before

After

ਅਸੀਂ Mt.House, Tracy, Lathrop, Stockton, Manteca, Ripon, Modesto, Ceres ਅਤੇ Turlock ਤੱਕ ਕੰਮ ਕਰਦੇ ਹਾਂ

2275 N Mac Arthur Dr Tracy, CA 95376

CONTACT FOR MORE INFORMATION

DEEPINDER MAHAL
President

Office (209) 834-0200
Cell (408) 963-7702

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ

DEVINDER PAMMI



ATWAL
IMMIGRATION SERVICES

ATWAL
TAX & IMMIGRATION
— SERVICES —

- FAMILY PETITIONS
- NATURALIZATION (US CITIZENSHIP)
- GREEN CARD RENEW
- WORK PERMIT RENEW
- AFFIDAVIT OF SUPPORT
- INDIAN AND US PASSPORT RENEW
- INDIAN VISA
- OCI
- E-VISA
- INDIAN PASSPORT SURRENDER



ਦੇਰ ਨਾ ਕਰੋ, ਹੁਣੇ ਮਿਲੋ TAX ਅਤੇ ਹੋਰ ਵਧੇਰੀਆਂ
IMMIGRATION SERVICES ਲਈ



TONY
ATWAL

ਵਧੇਰੇ ਜਾਣਕਾਰੀ ਤੁਸੀਂ ਲੈ ਸਕਦੇ ਹੋ
iservice1416@gmail.com

ਜਾਂ ਫ਼ਿਰ ਸਾਡੀ WEBSITE
www.atwaltaximmigrationservices.com

ADDRESS 1
119 N Maple Ave, Ste B,Manteca, CA,95336 Manteca
(209) 505-6384

ADDRESS 2
2800 Mitchell Rd,Ste.W,Ceres ,CA 95307, Ceres
(209) 568-9682

ਯੁਵਾ ਸ਼ਕਤੀ: ਸਿੱਖਿਆ, ਸੰਸਕਾਰ ਅਤੇ ਹੁਨਰ-ਸਸ਼ਕਤ ਭਵਿੱਖ ਦੇ ਤਿੰਨ ਥੰਮ੍ਹ



ਵਿਜੈ ਗਰਗ
ਰਿਟਾਇਰਡ ਪ੍ਰਿੰਸੀਪਲ
ਮਲੌਟ

ਕਿਸੇ ਵੀ ਦੇਸ਼ ਦਾ ਭਵਿੱਖ ਉਸ ਦੀ ਨੌਜਵਾਨ ਪੀੜ੍ਹੀ ਦੀ ਸੋਚ, ਯੋਗਤਾ ਅਤੇ ਕਦਰਾਂ-ਕੀਮਤਾਂ ਉੱਤੇ ਨਿਰਭਰ ਕਰਦਾ ਹੈ। ਨੌਜਵਾਨ ਸਿਰਫ਼ ਦੇਸ਼ ਦੀ ਆਬਾਦੀ ਦਾ ਇੱਕ ਹਿੱਸਾ ਨਹੀਂ ਹੁੰਦੇ, ਸਗੋਂ ਉਹ ਦੇਸ਼ ਦੀ ਤਰੱਕੀ, ਨਵੀਨਤਾ ਅਤੇ ਸਮਾਜਿਕ ਬਦਲਾਅ ਦੇ ਅਸਲ ਵਾਹਕ ਹੁੰਦੇ ਹਨ। ਜੇਕਰ ਨੌਜਵਾਨਾਂ ਨੂੰ ਸਹੀ ਸਿੱਖਿਆ, ਚੰਗੇ ਸੰਸਕਾਰ ਅਤੇ ਲੋੜੀਂਦੇ ਹੁਨਰ ਪ੍ਰਦਾਨ ਕੀਤੇ ਜਾਣ, ਤਾਂ ਉਹ ਨਾ ਸਿਰਫ਼ ਆਪਣਾ ਜੀਵਨ ਸਫ਼ਲ ਬਣਾ ਸਕਦੇ ਹਨ, ਸਗੋਂ ਸਮਾਜ ਅਤੇ ਦੇਸ਼ ਨੂੰ ਵੀ ਨਵੀਆਂ ਉਚਾਈਆਂ ਤੱਕ ਲੈ ਜਾ ਸਕਦੇ ਹਨ।

ਇੱਕ ਮਜ਼ਬੂਤ ਅਤੇ ਖੁਸ਼ਹਾਲ ਰਾਸ਼ਟਰ ਦੀ ਨੀਂਹ ਤਿੰਨ ਮਹੱਤਵਪੂਰਨ ਥੰਮ੍ਹਾਂ ਉੱਤੇ ਟਿਕੀ ਹੁੰਦੀ ਹੈ—ਸਿੱਖਿਆ, ਸੰਸਕਾਰ ਅਤੇ ਹੁਨਰ। ਇਹ ਤਿੰਨੇ ਇੱਕ-ਦੂਜੇ ਦੇ ਪੂਰਕ ਹਨ। ਸਿਰਫ਼ ਸਿੱਖਿਆ ਪ੍ਰਾਪਤ ਕਰਨਾ ਹੀ ਕਾਫ਼ੀ ਨਹੀਂ, ਜੇਕਰ ਉਸ ਦੇ ਨਾਲ ਨੈਤਿਕ ਮੁੱਲ ਅਤੇ ਵਿਹਾਰਕ ਹੁਨਰ ਨਾ ਹੋਣ। ਇਸੇ ਤਰ੍ਹਾਂ, ਚੰਗੇ ਸੰਸਕਾਰਾਂ ਅਤੇ ਹੁਨਰਾਂ ਨੂੰ ਸਹੀ ਦਿਸ਼ਾ ਦੇਣ ਲਈ ਗਿਆਨ ਦੀ ਵੀ ਲੋੜ ਹੁੰਦੀ ਹੈ।

ਸਿੱਖਿਆ: ਸੋਚ ਨੂੰ ਨਵੀਂ ਦਿਸ਼ਾ ਦੇਣ ਦਾ ਸਾਧਨ

ਸਿੱਖਿਆ ਮਨੁੱਖ ਨੂੰ ਸਿਰਫ਼ ਪੜ੍ਹਨਾ-ਲਿਖਣਾ ਹੀ ਨਹੀਂ ਸਿਖਾਉਂਦੀ, ਸਗੋਂ ਉਸ ਨੂੰ ਤਰਕਸ਼ੀਲ ਬਣਾਉਂਦੀ ਹੈ, ਸਵਾਲ ਪੁੱਛਣ ਦੀ ਹਿੰਮਤ ਦਿੰਦੀ ਹੈ ਅਤੇ ਸਹੀ-ਗ਼ਲਤ ਵਿੱਚ ਫ਼ਰਕ ਕਰਨ ਦੀ ਸਮਝ ਵਿਕਸਿਤ ਕਰਦੀ ਹੈ। ਸਿੱਖਿਆ ਦਾ ਅਸਲ ਉਦੇਸ਼ ਅਜਿਹੇ ਨਾਗਰਿਕ ਤਿਆਰ ਕਰਨਾ ਹੈ, ਜੋ ਗਿਆਨਵਾਨ ਹੋਣ ਦੇ ਨਾਲ-ਨਾਲ ਜ਼ਿੰਮੇਵਾਰ, ਆਤਮ-ਵਿਸ਼ਵਾਸੀ ਅਤੇ ਸਮਾਜ ਪ੍ਰਤੀ ਸੰਵੇਦਨਸ਼ੀਲ ਵੀ ਹੋਣ।

ਅੱਜ ਦੇ ਤੇਜ਼ੀ ਨਾਲ ਬਦਲਦੇ ਸੰਸਾਰ ਵਿੱਚ ਸਿੱਖਿਆ ਦਾ ਰੂਪ ਵੀ ਬਦਲ ਰਿਹਾ ਹੈ। ਵਿਗਿਆਨ, ਤਕਨਾਲੋਜੀ, ਨਕਲੀ ਬੁੱਧੀ (ਅੀ), ਡਿਜੀਟਲ ਸਾਧਨਾਂ ਅਤੇ ਖੋਜ ਦੇ ਖੇਤਰਾਂ ਵਿੱਚ ਨਵੀਆਂ ਸੰਭਾਵਨਾਵਾਂ ਪੈਦਾ ਹੋ ਰਹੀਆਂ ਹਨ। ਇਸ ਲਈ ਨੌਜਵਾਨਾਂ ਨੂੰ ਰੱਟੇ ਲਗਾਉਣ ਦੀ ਬਜਾਏ ਸਮਝ ਕੇ ਸਿੱਖਣ, ਤਰਕ ਕਰਨ, ਸਮੱਸਿਆਵਾਂ ਹੱਲ ਕਰਨ ਅਤੇ ਨਵੀਆਂ ਚੀਜ਼ਾਂ ਦੀ ਖੋਜ ਕਰਨ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ।

ਸਿੱਖਿਆ ਦਾ ਮਕਸਦ ਸਿਰਫ਼ ਡਿਗਰੀਆਂ ਹਾਸਲ ਕਰਨਾ ਜਾਂ ਨੌਕਰੀ ਪ੍ਰਾਪਤ ਕਰਨਾ ਨਹੀਂ ਹੋਣਾ ਚਾਹੀਦਾ। ਇਸ ਦਾ ਉਦੇਸ਼ ਅਜਿਹੇ ਵਿਅਕਤੀ ਤਿਆਰ ਕਰਨਾ ਵੀ ਹੈ, ਜੋ ਜੀਵਨ ਦੀਆਂ ਚੁਣੌਤੀਆਂ ਦਾ ਸਾਹਮਣਾ ਸਮਝਦਾਰੀ ਅਤੇ ਦ੍ਰਿੜ੍ਹਤਾ ਨਾਲ ਕਰ ਸਕਣ।

ਸੰਸਕਾਰ: ਸਫ਼ਲਤਾ ਨੂੰ ਸਹੀ ਦਿਸ਼ਾ ਦੇਣ ਵਾਲੀ ਤਾਕਤ

ਸਿੱਖਿਆ ਮਨੁੱਖ ਨੂੰ ਗਿਆਨ ਦਿੰਦੀ ਹੈ, ਪਰ ਸੰਸਕਾਰ ਉਸ ਗਿਆਨ ਦੀ ਸਹੀ ਵਰਤੋਂ ਕਰਨੀ ਸਿਖਾਉਂਦੇ ਹਨ। ਇਮਾਨਦਾਰੀ, ਸਤਿਕਾਰ, ਦਇਆ, ਅਨੁਸ਼ਾਸਨ, ਸਹਿਣਸ਼ੀਲਤਾ, ਜ਼ਿੰਮੇਵਾਰੀ ਅਤੇ ਦੂਜਿਆਂ ਦੀ ਮਦਦ ਕਰਨ ਦੀ ਭਾਵਨਾ ਚੰਗੇ ਸੰਸਕਾਰਾਂ ਦੇ ਅਹਿਮ ਅੰਗ ਹਨ।

ਅੱਜ ਦੇ ਮੁਕਾਬਲੇ ਭਰੇ ਯੁੱਗ ਵਿੱਚ ਸਫ਼ਲਤਾ ਦੀ ਦੌੜ ਕਈ ਵਾਰ ਨੌਜਵਾਨਾਂ ਨੂੰ ਨੈਤਿਕ ਮੁੱਲਾਂ ਤੋਂ ਦੂਰ ਕਰ ਸਕਦੀ ਹੈ। ਅੰਕਾਂ, ਡਿਗਰੀਆਂ, ਤਨਖ਼ਾਹਾਂ ਅਤੇ ਅਹੁਦਿਆਂ ਨੂੰ ਹੀ ਸਫ਼ਲਤਾ ਦਾ ਮਾਪਦੰਡ ਮੰਨ ਲੈਣਾ ਠੀਕ ਨਹੀਂ। ਅਸਲ ਸਫ਼ਲਤਾ ਉਹ ਹੈ, ਜਿਸ ਵਿੱਚ ਵਿਅਕਤੀ ਆਪਣੀ ਤਰੱਕੀ ਦੇ ਨਾਲ-ਨਾਲ ਦੂਜਿਆਂ ਦੇ ਹੱਕਾਂ ਅਤੇ ਭਲਾਈ ਦਾ ਵੀ ਧਿਆਨ ਰੱਖੇ।

ਪਰਿਵਾਰ, ਸਕੂਲ ਅਤੇ ਸਮਾਜ ਨੌਜਵਾਨਾਂ ਵਿੱਚ ਚੰਗੇ ਸੰਸਕਾਰ ਪੈਦਾ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੇ ਹਨ। ਬੱਚੇ ਸਿਰਫ਼ ਉਪਦੇਸ਼ਾਂ ਤੋਂ ਹੀ ਨਹੀਂ, ਸਗੋਂ ਵੱਡਿਆਂ ਦੇ ਵਿਹਾਰ ਅਤੇ ਜੀਵਨ-ਜਾਚ ਤੋਂ ਵੀ ਸਿੱਖਦੇ ਹਨ। ਇਸ ਲਈ ਮਾਪਿਆਂ ਅਤੇ ਅਧਿਆਪਕਾਂ ਨੂੰ ਆਪਣੇ ਆਚਰਨ ਰਾਹੀਂ ਇਮਾਨਦਾਰੀ, ਮਿਹਨਤ, ਸਹਿਯੋਗ ਅਤੇ ਮਨੁੱਖਤਾ ਦੀਆਂ ਕਦਰਾਂ-ਕੀਮਤਾਂ ਦਾ ਉਦਾਹਰਨ ਪੇਸ਼ ਕਰਨਾ ਚਾਹੀਦਾ ਹੈ।

ਚੰਗੇ ਸੰਸਕਾਰਾਂ ਵਾਲਾ ਨੌਜਵਾਨ ਆਪਣੀ ਸਫ਼ਲਤਾ ਨੂੰ ਸਿਰਫ਼ ਨਿੱਜੀ ਪ੍ਰਾਪਤੀ ਨਹੀਂ ਸਮਝਦਾ, ਸਗੋਂ ਉਸ ਨੂੰ ਸਮਾਜ ਦੀ ਬਿਹਤਰੀ ਲਈ ਵਰਤਣ ਦੀ ਕੋਸ਼ਿਸ਼ ਕਰਦਾ ਹੈ।

ਹੁਨਰ: ਗਿਆਨ ਨੂੰ ਅਮਲ ਵਿੱਚ ਬਦਲਣ ਦੀ ਯੋਗਤਾ

ਆਧੁਨਿਕ ਸੰਸਾਰ ਵਿੱਚ ਸਿਰਫ਼ ਗਿਆਨ ਹੋਣਾ ਕਾਫ਼ੀ ਨਹੀਂ; ਉਸ ਗਿਆਨ ਨੂੰ ਅਮਲ ਵਿੱਚ ਲਿਆਉਣ ਦੀ ਸਮਰੱਥਾ ਵੀ ਜ਼ਰੂਰੀ ਹੈ। ਹੁਨਰ ਨੌਜਵਾਨਾਂ ਨੂੰ ਰੋਜ਼ਗਾਰ ਪ੍ਰਾਪਤ ਕਰਨ, ਆਪਣਾ ਕਾਰੋਬਾਰ ਸ਼ੁਰੂ ਕਰਨ, ਨਵੀਆਂ ਸਮੱਸਿਆਵਾਂ ਹੱਲ ਕਰਨ ਅਤੇ ਬਦਲਦੀਆਂ ਲੋੜਾਂ ਅਨੁਸਾਰ ਆਪਣੇ ਆਪ ਨੂੰ ਢਾਲਣ ਦੇ ਯੋਗ ਬਣਾਉਂਦੇ ਹਨ।

ਸੰਚਾਰ-ਕਲਾ, ਕੰਪਿਊਟਰ ਦੀ ਜਾਣਕਾਰੀ, ਡਿਜੀਟਲ ਸਾਖਰਤਾ, ਆਲੋਚਨਾਤਮਕ ਸੋਚ, ਟੀਮ ਵਿੱਚ ਕੰਮ ਕਰਨ ਦੀ ਸਮਰੱਥਾ, ਸਮਾਂ ਪ੍ਰਬੰਧਨ ਅਤੇ ਫ਼ੈਸਲੇ ਲੈਣ ਦੀ ਯੋਗਤਾ ਅੱਜ ਦੇ ਮਹੱਤਵਪੂਰਨ ਹੁਨਰ ਹਨ। ਇਸ ਤੋਂ ਇਲਾਵਾ, ਤਕਨੀਕੀ ਸਿੱਖਿਆ, ਕਿੱਤਾਮੁਖੀ ਸਿਖਲਾਈ, ਖੇਤੀਬਾੜੀ, ਉਦਯੋਗ, ਸਿਹਤ ਸੇਵਾਵਾਂ ਅਤੇ ਉੱਦਮਤਾ ਨਾਲ ਜੁੜੇ ਹੁਨਰ ਵੀ ਨੌਜਵਾਨਾਂ ਲਈ ਰੋਜ਼ਗਾਰ ਦੇ ਨਵੇਂ ਰਾਹ ਖੋਲ੍ਹ ਸਕਦੇ ਹਨ।

ਸਕੂਲਾਂ ਅਤੇ ਕਾਲਜਾਂ ਵਿੱਚ ਪੜ੍ਹਾਈ ਦੇ ਨਾਲ-ਨਾਲ ਪ੍ਰਯੋਗਾਤਮਕ ਕੰਮ, ਪ੍ਰਾਜੈਕਟ, ਇੰਟਰਨਸ਼ਿਪ, ਖੇਡਾਂ ਅਤੇ ਕਿੱਤਾਮੁਖੀ ਸਿਖਲਾਈ ਨੂੰ ਉਤਸ਼ਾਹਿਤ ਕਰਨਾ ਚਾਹੀਦਾ ਹੈ। ਇਸ ਨਾਲ ਵਿਦਿਆਰਥੀਆਂ ਨੂੰ ਆਪਣੀਆਂ ਰੁਚੀਆਂ ਅਤੇ ਯੋਗਤਾਵਾਂ ਪਛਾਣਨ ਦਾ ਮੌਕਾ ਮਿਲੇਗਾ।

ਹੁਨਰਮੰਦ ਨੌਜਵਾਨ ਸਿਰਫ਼ ਨੌਕਰੀ ਲੱਭਣ ਵਾਲੇ ਨਹੀਂ ਬਣਦੇ, ਸਗੋਂ ਨੌਕਰੀਆਂ ਪੈਦਾ ਕਰਨ ਵਾਲੇ ਉੱਦਮੀ ਵੀ ਬਣ ਸਕਦੇ ਹਨ। ਇਸ ਤਰ੍ਹਾਂ ਉਹ ਦੇਸ਼ ਦੀ ਆਰਥਿਕ ਤਰੱਕੀ ਵਿੱਚ ਮਹੱਤਵਪੂਰਨ ਯੋਗਦਾਨ ਪਾ ਸਕਦੇ ਹਨ।

ਤਿੰਨਾਂ ਦਾ ਸੁਮੇਲ ਹੀ ਅਸਲ ਤਾਕਤ

ਸਿੱਖਿਆ, ਸੰਸਕਾਰ ਅਤੇ ਹੁਨਰ ਨੂੰ ਵੱਖ-ਵੱਖ ਕਰਕੇ ਨਹੀਂ ਦੇਖਿਆ ਜਾ ਸਕਦਾ। ਸਿੱਖਿਆ ਤੋਂ ਬਿਨਾਂ ਹੁਨਰਾਂ ਦਾ ਵਿਕਾਸ ਸੀਮਤ ਰਹਿ ਸਕਦਾ ਹੈ, ਸੰਸਕਾਰਾਂ ਤੋਂ ਬਿਨਾਂ ਗਿਆਨ ਦੀ ਵਰਤੋਂ ਗ਼ਲਤ ਦਿਸ਼ਾ ਵਿੱਚ ਹੋ ਸਕਦੀ ਹੈ ਅਤੇ ਹੁਨਰਾਂ ਤੋਂ ਬਿਨਾਂ ਗਿਆਨ ਅਮਲੀ ਜੀਵਨ ਵਿੱਚ ਆਪਣੀ ਪੂਰੀ ਸਮਰੱਥਾ ਨਹੀਂ ਦਿਖਾ ਸਕਦਾ।

ਇੱਕ ਡਾਕਟਰ ਕੋਲ ਡਾਕਟਰੀ ਗਿਆਨ ਅਤੇ ਤਕਨੀਕੀ ਹੁਨਰ ਹੋਣ ਦੇ ਨਾਲ ਮਰੀਜ਼ਾਂ ਪ੍ਰਤੀ ਦਇਆ ਅਤੇ ਜ਼ਿੰਮੇਵਾਰੀ ਵੀ ਹੋਣੀ ਚਾਹੀਦੀ ਹੈ। ਇੱਕ ਅਧਿਆਪਕ ਨੂੰ ਆਪਣੇ ਵਿਸ਼ੇ ਦੀ ਜਾਣਕਾਰੀ ਦੇ ਨਾਲ ਵਿਦਿਆਰਥੀਆਂ ਦੀਆਂ ਭਾਵਨਾਵਾਂ ਨੂੰ ਸਮਝਣ ਦੀ ਸਮਰੱਥਾ ਵੀ ਚਾਹੀਦੀ ਹੈ। ਇਸੇ ਤਰ੍ਹਾਂ, ਇੱਕ ਵਿਗਿਆਨੀ, ਪ੍ਰਸ਼ਾਸਕ, ਇੰਜੀਨੀਅਰ ਜਾਂ ਉਦਯੋਗਪਤੀ ਲਈ ਗਿਆਨ ਅਤੇ ਹੁਨਰ ਦੇ ਨਾਲ ਨੈਤਿਕਤਾ ਵੀ ਲਾਜ਼ਮੀ ਹੈ।

ਜਦੋਂ ਇਹ ਤਿੰਨੇ ਗੁਣ ਇਕੱਠੇ ਵਿਕਸਿਤ ਹੁੰਦੇ ਹਨ, ਤਾਂ ਨੌਜਵਾਨ ਆਤਮ-ਵਿਸ਼ਵਾਸੀ, ਜ਼ਿੰਮੇਵਾਰ ਅਤੇ ਸਮਰੱਥ ਨਾਗਰਿਕ ਬਣਦੇ ਹਨ।

ਮਾਪਿਆਂ, ਅਧਿਆਪਕਾਂ ਅਤੇ ਸਮਾਜ ਦੀ ਭੂਮਿਕਾ

ਨੌਜਵਾਨ ਪੀੜ੍ਹੀ ਨੂੰ ਸਸ਼ਕਤ ਬਣਾਉਣਾ ਸਿਰਫ਼ ਸਰਕਾਰ ਜਾਂ ਸਿੱਖਿਆ ਸੰਸਥਾਵਾਂ ਦੀ ਜ਼ਿੰਮੇਵਾਰੀ ਨਹੀਂ। ਇਹ ਪਰਿਵਾਰ, ਅਧਿਆਪਕਾਂ, ਸਮਾਜ ਅਤੇ ਨੌਜਵਾਨਾਂ ਦੀ ਆਪਣੀ ਸਾਂਝੀ ਜ਼ਿੰਮੇਵਾਰੀ ਹੈ।

ਮਾਪਿਆਂ ਨੂੰ ਬੱਚਿਆਂ ਦੀ ਤੁਲਨਾ ਦੂਜਿਆਂ ਨਾਲ ਕਰਨ ਦੀ ਬਜਾਏ ਉਨ੍ਹਾਂ ਦੀਆਂ ਵਿਲੱਖਣ ਯੋਗਤਾਵਾਂ ਨੂੰ ਪਛਾਣਨਾ ਚਾਹੀਦਾ ਹੈ। ਅਧਿਆਪਕਾਂ ਨੂੰ ਵਿਦਿਆਰਥੀਆਂ ਵਿੱਚ ਜਿਗਿਆਸਾ, ਰਚਨਾਤਮਕਤਾ ਅਤੇ ਨੈਤਿਕ ਜ਼ਿੰਮੇਵਾਰੀ ਪੈਦਾ ਕਰਨੀ ਚਾਹੀਦੀ ਹੈ। ਸਿੱਖਿਆ ਸੰਸਥਾਵਾਂ ਨੂੰ ਅਜਿਹਾ ਮਾਹੌਲ ਦੇਣਾ ਚਾਹੀਦਾ ਹੈ, ਜਿੱਥੇ ਹਰ ਵਿਦਿਆਰਥੀ ਨੂੰ ਸਿੱਖਣ ਅਤੇ ਅੱਗੇ ਵਧਣ ਦੇ ਬਰਾਬਰ ਮੌਕੇ ਮਿਲਣ।

ਸਰਕਾਰ ਨੂੰ ਗੁਣਵੱਤਾਪੂਰਨ ਸਿੱਖਿਆ, ਕਿੱਤਾਮੁਖੀ ਸਿਖਲਾਈ, ਰੋਜ਼ਗਾਰ ਦੇ ਮੌਕਿਆਂ ਅਤੇ ਉੱਦਮਤਾ ਨੂੰ ਉਤਸ਼ਾਹਿਤ ਕਰਨ ਵਾਲੀਆਂ ਯੋਜਨਾਵਾਂ ਉੱਤੇ ਧਿਆਨ ਦੇਣਾ ਚਾਹੀਦਾ ਹੈ। ਪੇਂਡੂ ਅਤੇ ਪਿੱਛੜੇ ਖੇਤਰਾਂ ਦੇ ਨੌਜਵਾਨਾਂ ਤੱਕ ਡਿਜੀਟਲ ਸਾਧਨਾਂ, ਲਾਇਬ੍ਰੇਰੀਆਂ ਅਤੇ ਮਾਰਗਦਰਸ਼ਨ ਦੀ ਪਹੁੰਚ ਯਕੀਨੀ ਬਣਾਉਣਾ ਵੀ ਬਹੁਤ ਜ਼ਰੂਰੀ ਹੈ।

ਨੌਜਵਾਨਾਂ ਨੂੰ ਵੀ ਆਪਣੇ ਸਮੇਂ ਦੀ ਕਦਰ ਕਰਨੀ, ਲਗਾਤਾਰ ਸਿੱਖਦੇ ਰਹਿਣਾ, ਅਸਫ਼ਲਤਾਵਾਂ ਤੋਂ ਸਬਕ ਲੈਣਾ ਅਤੇ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨੂੰ ਸਮਝਣਾ ਚਾਹੀਦਾ ਹੈ।

ਸਿੱਟਾ

ਯੁਵਾ ਸ਼ਕਤੀ ਕਿਸੇ ਵੀ ਰਾਸ਼ਟਰ ਦੀ ਸਭ ਤੋਂ ਵੱਡੀ ਪੂੰਜੀ ਹੈ। ਪਰ ਇਸ ਸ਼ਕਤੀ ਨੂੰ ਸਹੀ ਦਿਸ਼ਾ ਦੇਣ ਲਈ ਸਿੱਖਿਆ, ਸੰਸਕਾਰ ਅਤੇ ਹੁਨਰਾਂ ਦਾ ਸੰਤੁਲਿਤ ਵਿਕਾਸ ਲਾਜ਼ਮੀ ਹੈ। ਸਿੱਖਿਆ ਨੌਜਵਾਨਾਂ ਨੂੰ ਸੋਚਣ ਦੀ ਸਮਰੱਥਾ ਦਿੰਦੀ ਹੈ, ਸੰਸਕਾਰ ਉਨ੍ਹਾਂ ਨੂੰ ਸਹੀ ਰਸਤਾ ਦਿਖਾਉਂਦੇ ਹਨ ਅਤੇ ਹੁਨਰ ਉਨ੍ਹਾਂ ਨੂੰ ਆਪਣੇ ਸੁਪਨਿਆਂ ਨੂੰ ਹਕੀਕਤ ਵਿੱਚ ਬਦਲਣ ਦੇ ਯੋਗ ਬਣਾਉਂਦੇ ਹਨ।

ਜੇਕਰ ਅਸੀਂ ਅਜਿਹੀ ਪੀੜ੍ਹੀ ਤਿਆਰ ਕਰ ਸਕੀਏ, ਜੋ ਗਿਆਨਵਾਨ ਹੋਣ ਦੇ ਨਾਲ ਨੈਤਿਕ, ਹੁਨਰਮੰਦ ਅਤੇ ਸਮਾਜ ਪ੍ਰਤੀ ਜ਼ਿੰਮੇਵਾਰ ਵੀ ਹੋਵੇ, ਤਾਂ ਇੱਕ ਖੁਸ਼ਹਾਲ, ਸਮਾਨਤਾਪੂਰਨ ਅਤੇ ਵਿਕਸਿਤ ਭਾਰਤ ਦਾ ਸੁਪਨਾ ਜ਼ਰੂਰ ਸਾਕਾਰ ਹੋ ਸਕਦਾ ਹੈ। ਮਜ਼ਬੂਤ ਨੌਜਵਾਨ, ਮਜ਼ਬੂਤ ਸਮਾਜ ਅਤੇ ਮਜ਼ਬੂਤ ਰਾਸ਼ਟਰ—ਇਸੇ ਵਿੱਚ ਸਾਡੇ ਭਵਿੱਖ ਦੀ ਅਸਲ ਤਾਕਤ ਵੱਸਦੀ ਹੈ।





SUNSHINE AUTO CARE INC

WE REPAIR ALL"

AUTO • DIESEL TRUCKS • TRAILERS

All Makes & Models



FULL SERVICE AUTO & DIESEL REPAIR

- Engine Diagnostics
- Brake Service
- Suspension & Steering
- Diesel Truck Repair
- Trailer Repair

Reliable • Professional • Fast Service

1003 MOFFAT BLVD.• MANTECA, CA 95336

209-239-1551

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ

ਸੂਭ ਕਾਮਨਾਵਾ ਸਹਿਤ

ਸਿੱਖਸ ਆਫ਼ ਡੀ.ਐੱਮ.ਵੀ.
SIKHS OF DMV



Dr. Surinder Singh Gill
Founder



Sukhwinder Singh KK Sidhu
Founder



Harbans Singh Khalsa
Chairman



Amarjit Singh Sandhu
President



Kewal Singh Maan
Secretary General



Ajit Singh Shahi
Vice Chairman



Jass Singh
Director



Harry Singh
Vice President



Jinderpal Singh Brar
Cashier



Ranjit Singh Chahl
Assistant Secretary



Harjit Singh Hundal
Media Director



Devinder Singh Gill
Assistant Cashier



Mehtab Singh Kahlon
Convenor Virginia



Ajaipal Singh Khalsa
Director



Maninder Singh Khalsa
Director



Gurcharan Singh Khalsa
Director



Gurinder Singh Khalsa
Director



Amar Singh Malhi
Director



Maheshinder Singh
Director



Japneet Singh Director
New York



Harpreet Singh
Director



Hardeep Singh Saini
Director

INDERJIT S. TOOR
CONSTRUCTION INC.



INDERJIT S. TOOR
CONSTRUCTION INC.
LIC# 842324

ਕੀ ਤੁਸੀਂ ਨਵਾਂ ਘਰ ਜਾਂ ਵਪਾਰਕ ਇਮਾਰਤ
ਬਣਾਉਣ ਦੀ ਯੋਜਨਾ ਬਣਾ ਰਹੇ ਹੋ ?

ਹੋਟਲ | ਅਪਾਰਟਮੈਂਟ | ਡਾਕਟਰਾਂ ਦੇ ਦਫ਼ਤਰ
ਅਤੇ ਗੈਸ ਸਟੇਸ਼ਨਾਂ ਦੇ ਨਿਰਮਾਣ ਕਾਰਜਾਂ ਲਈ
INDERJIT S. TOOR
Construction
ਨਾਲ ਸੰਪਰਕ ਕਰੋ।

Location : Northern California

ਤੁਹਾਡੀ ਸਮੱਸਿਆ, ਸਾਡਾ ਹੱਲ !

HARINDER S. TOOR CEO | (209) 404-4063

htoor@toorinc.com | www.ToorInc.com

2351 Tenaya Dr. Ste D, Modesto, CA 95354



ਬਰਜਿੰਦਰ ਕੌਰ ਬਿਸਰਾਓ
99889-01324

ਪਰਵਿੰਦਰ ਝੋਟੇ ਦਾ ਕਤਲ- ਪੰਜਾਬ ਦੀ ਜਵਾਨੀ ਲਈ ਉੱਠਦੀ ਆਵਾਜ਼ ਦਾ ਕਤਲ

ਪਰਵਿੰਦਰ ਸਿੰਘ ਝੋਟਾ ਵੱਲੋਂ ਨਸ਼ਾ ਤਸਕਰ ਮੈਡੀਕਲ ਸਟੋਰ ਦੇ ਮਾਲਕ ਅਸ਼ਵਨੀ ਕੁਮਾਰ ਵੱਲੋਂ ਸ਼ਰੇਆਮ ਨਸ਼ਾ ਵੇਚਣ ਤੇ ਸਬੂਤਾਂ ਸਮੇਤ ਜਦੋਂ ਉਸ ਨੂੰ ਨਸ਼ਾ ਵੇਚਣ ਤੇ ਸਵਾਲ ਕੀਤਾ ਗਿਆ ਤਾਂ ਉਸ ਨੇ ਪੰਜਾਬ ਦੀ ਜਵਾਨੀ ਲਈ ਉੱਠਦੀ ਪਰਵਿੰਦਰ ਝੋਟੇ ਦੀ ਅਵਾਜ਼ ਨੂੰ ਸਦਾ ਲਈ ਖ਼ਾਮੋਸ਼ ਕਰ ਦਿੱਤਾ। ਜਦੋਂ ਨਸ਼ਿਆਂ ਵਿਰੁੱਧ ਲੜਨ ਵਾਲੇ ਹੀ ਸੁਰੱਖਿਅਤ ਨਹੀਂ, ਤਾਂ ਪੰਜਾਬ ਦੀ ਜਵਾਨੀ ਨੂੰ ਨਸ਼ਿਆਂ ਤੋਂ ਕੌਣ ਬਚਾਏਗਾ? ਪੰਜਾਬ ਦੀ ਧਰਤੀ, ਜਿਸ ਨੇ ਕਦੇ ਆਪਣੇ ਸੂਰਬੀਰਾਂ ਦੀਆਂ ਲਲਕਾਰਾਂ ਨਾਲ ਜ਼ੁਲਮ ਦੀਆਂ ਜੜ੍ਹਾਂ ਹਿਲਾ ਦਿੱਤੀਆਂ ਸਨ, ਅੱਜ ਆਪਣੇ ਹੀ ਪੁੱਤਾਂ ਨੂੰ ਨਸ਼ਿਆਂ ਦੀ ਭੇਟ ਚੜ੍ਹਦਿਆਂ ਵੇਖ ਕੇ ਵਿਲਕ ਰਹੀ ਹੈ। ਇੱਕ ਪਾਸੇ ਨਸ਼ੇ ਘਰਾਂ ਦੇ ਘਰ ਉਜਾੜ ਰਹੇ ਹਨ, ਮਾਪਿਆਂ ਦੀਆਂ ਅੱਖਾਂ ਵਿੱਚੋਂ ਸੁਪਨੇ ਖੋਹ ਰਹੇ ਹਨ ਅਤੇ ਜਵਾਨੀ ਦੇ ਸੁਨਹਿਰੀ ਭਵਿੱਖ ਨੂੰ ਹਨ੍ਹੇਰੇ ਵਿੱਚ ਧੱਕ ਰਹੇ ਹਨ। ਦੂਜੇ ਪਾਸੇ, ਜਦੋਂ ਕੋਈ ਇਸ ਹਨ੍ਹੇਰੇ ਵਿਰੁੱਧ ਪਰਵਿੰਦਰ ਝੋਟਾ ਵਰਗਾ ਨੌਜਵਾਨ ਮਿਸ਼ਾਲ ਲੈ ਕੇ ਖੜ੍ਹਦਾ ਹੈ, ਤਾਂ ਉਸ ਦੇ ਰਾਹ ਵਿੱਚ ਵੀ ਅਨੇਕਾਂ ਖ਼ਤਰੇ ਖੜ੍ਹੇ ਹੋ ਜਾਂਦੇ ਹਨ। ਮਾਨਸਾ ਵਿੱਚ ਨਸ਼ਿਆਂ ਵਿਰੁੱਧ ਮੁਹਿੰਮ ਚਲਾਉਣ ਵਾਲੇ ਪਰਵਿੰਦਰ ਸਿੰਘ ਝੋਟਾ ਦਾ ਕਤਲ ਇਸੇ ਗੰਭੀਰ ਸੰਕਟ ਵੱਲ ਧਿਆਨ ਦਿਵਾਉਂਦਾ ਹੈ। 13 ਅਕਤੂਬਰ 2026 ਨੂੰ ਵਾਪਰੀ ਇਸ ਘਟਨਾ ਨੇ ਪੰਜਾਬ ਦੇ ਲੋਕਾਂ ਨੂੰ ਝੰਜੋੜ ਕੇ ਰੱਖ ਦਿੱਤਾ ਹੈ। ਇਸ ਇੱਕ ਜਾਨ ਦਾ ਅੰਤ ਅਨੇਕਾਂ ਸਵਾਲਾਂ ਦੀ ਸ਼ੁਰੂਆਤ ਕਰਦਾ ਹੈ।

ਪਰਵਿੰਦਰ ਝੋਟਾ ਲਗਾਤਾਰ ਨਸ਼ਿਆਂ ਵਿਰੁੱਧ ਆਵਾਜ਼ ਉਠਾ ਰਿਹਾ ਸੀ। ਉਸ ਦੀਆਂ ਸਰਗਰਮੀਆਂ ਦਾ ਕੇਂਦਰ ਨਸ਼ਿਆਂ ਦੀ ਸਮੱਸਿਆ ਨੂੰ ਲੋਕਾਂ ਸਾਹਮਣੇ ਲਿਆਉਣਾ ਅਤੇ ਇਸ ਵਿਰੁੱਧ ਲੋਕਾਂ ਨੂੰ ਲਾਮਬੰਦ ਕਰਨਾ ਸੀ। ਉਹ ਪੰਜਾਬ ਦੀ ਉਸ ਪੀੜ ਨੂੰ ਆਵਾਜ਼ ਦੇ ਰਿਹਾ ਸੀ, ਜਿਸ ਨੂੰ ਹਰ ਰੋਜ਼ ਅਨੇਕਾਂ ਪਰਿਵਾਰ ਆਪਣੇ ਘਰਾਂ ਵਿੱਚ ਹੰਢਾ ਰਹੇ ਹਨ। ਨਸ਼ੇ ਕਾਰਨ ਪੁੱਤ ਗੁਆ ਚੁੱਕੀਆਂ ਮਾਂਵਾਂ ਦੇ ਹੰਝੂ, ਜਵਾਨ ਪੁੱਤ ਦੀ ਉਡੀਕ ਕਰਦੇ ਬਜ਼ੁਰਗ ਮਾਪੇ ਅਤੇ ਆਪਣੇ ਬੱਚਿਆਂ ਦੇ ਭਵਿੱਖ ਨੂੰ ਲੈ ਕੇ ਚਿੰਤਤ ਪਰਿਵਾਰ ਕਿਸੇ ਇੱਕ ਪਿੰਡ ਜਾਂ ਸ਼ਹਿਰ ਦੀ ਕਹਾਣੀ ਨਹੀਂ, ਸਗੋਂ ਪੰਜਾਬ ਦੇ ਬਹੁਤ ਸਾਰੇ ਘਰਾਂ ਦੀ ਸਾਂਝੀ ਪੀੜ ਹੈ। ਅਜਿਹੇ ਹਾਲਾਤ ਵਿੱਚ ਜਦੋਂ ਕੋਈ ਵਿਅਕਤੀ ਨਸ਼ਿਆਂ ਵਿਰੁੱਧ ਡਟ ਕੇ ਬੋਲਦਾ ਹੈ, ਤਾਂ ਉਸ ਦੀ ਆਵਾਜ਼ ਨੂੰ ਸਿਰਫ਼ ਇੱਕ ਵਿਅਕਤੀ ਦੀ ਆਵਾਜ਼ ਸਮਝ ਕੇ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਉਹ ਆਵਾਜ਼ ਉਨ੍ਹਾਂ ਮਾਪਿਆਂ ਦੀ ਵੀ ਹੁੰਦੀ ਹੈ, ਜਿਨ੍ਹਾਂ ਦੇ ਬੱਚੇ ਨਸ਼ਿਆਂ ਦੀ ਲਪੇਟ ਵਿੱਚ ਆ ਚੁੱਕੇ ਹਨ। ਉਹ ਉਨ੍ਹਾਂ ਭੈਣਾਂ ਦੀ ਵੀ ਹੁੰਦੀ ਹੈ, ਜਿਨ੍ਹਾਂ ਦੇ ਭਰਾਵਾਂ ਦੇ ਭਵਿੱਖ ਨੂੰ ਨਸ਼ਿਆਂ ਨੇ ਖੋਹ ਲਿਆ ਹੈ। ਉਹ ਉਨ੍ਹਾਂ ਪਰਿਵਾਰਾਂ ਦੀ ਵੀ ਹੁੰਦੀ ਹੈ, ਜੋ ਆਪਣੇ ਘਰਾਂ ਵਿੱਚ ਮੁੜ ਖ਼ੁਸ਼ੀਆਂ ਪਰਤਦੀਆਂ ਦੇਖਣਾ ਚਾਹੁੰਦੇ ਹਨ।

ਪਰਵਿੰਦਰ ਸਿੰਘ ਝੋਟਾ ਦੀ ਮੌਤ ਨੇ ਇਹ ਸਵਾਲ ਖੜ੍ਹਾ ਕਰ ਦਿੱਤਾ ਹੈ ਕਿ ਕੀ ਨਸ਼ਿਆਂ ਵਿਰੁੱਧ ਆਵਾਜ਼ ਚੁੱਕਣ ਵਾਲੇ ਲੋਕਾਂ ਨੂੰ ਆਪਣੀ ਸੁਰੱਖਿਆ ਦੀ ਚਿੰਤਾ ਵਿੱਚ ਹੀ ਘਿਰੇ ਰਹਿਣਾ ਪਵੇਗਾ? ਕੀ ਸਮਾਜ ਨੂੰ ਬਰਬਾਦ ਕਰਨ ਵਾਲੇ ਨਸ਼ਿਆਂ ਵਿਰੁੱਧ ਬੋਲਣਾ ਵੀ ਖ਼ਤਰੇ ਦਾ ਕੰਮ ਬਣਦਾ ਜਾ ਰਿਹਾ ਹੈ? ਪੰਜਾਬ ਦੀ ਜਵਾਨੀ ਨੂੰ ਬਚਾਉਣ ਵਾਲਿਆਂ ਨੂੰ ਸੁਰੱਖਿਆ ਕੌਣ ਦੇਵੇਗਾ? ਨਸ਼ਿਆਂ ਦਾ ਮੁੱਦਾ ਸਿਰਫ਼ ਨਿੱਜੀ ਆਦਤ ਜਾਂ ਕਿਸੇ ਇੱਕ ਵਿਅਕਤੀ ਦੀ ਕਮਜ਼ੋਰੀ ਦਾ ਮੁੱਦਾ ਨਹੀਂ ਹੈ। ਇਹ ਇੱਕ ਗੰਭੀਰ ਸਮਾਜਿਕ ਸਮੱਸਿਆ ਹੈ, ਜਿਸ ਦੀਆਂ ਜੜ੍ਹਾਂ ਵਿੱਚ ਨਸ਼ਿਆਂ ਦੀ ਸਪਲਾਈ, ਗ਼ੈਰ-ਕਾਨੂੰਨੀ ਕਾਰੋਬਾਰ, ਬੇਰੁਜ਼ਗਾਰੀ, ਨਿਰਾਸ਼ਾ ਅਤੇ ਪ੍ਰਸ਼ਾਸਨਿਕ ਨਾਕਾਮੀਆਂ ਵਰਗੇ ਕਈ ਪੱਖ ਸ਼ਾਮਲ ਹੋ ਸਕਦੇ ਹਨ। ਇਸ ਨਾਲ ਨਜਿੱਠਣ ਲਈ ਸਿਰਫ਼ ਭਾਸ਼ਣਾਂ ਜਾਂ ਮੁਹਿੰਮਾਂ ਦੀ ਨਹੀਂ, ਸਗੋਂ ਠੋਸ ਕਾਰਵਾਈ ਦੀ ਲੋੜ ਹੈ।

ਜੇ ਕੋਈ ਵਿਅਕਤੀ ਨਸ਼ਿਆਂ ਦੇ ਗ਼ੈਰ-ਕਾਨੂੰਨੀ ਕਾਰੋਬਾਰ ਬਾਰੇ ਜਾਣਕਾਰੀ ਸਾਹਮਣੇ ਲਿਆਉਂਦਾ ਹੈ, ਤਾਂ ਉਸ ਦੀ ਸ਼ਿਕਾਇਤ ਦੀ ਨਿਰਪੱਖ ਜਾਂਚ ਹੋਣੀ ਚਾਹੀਦੀ ਹੈ। ਜੇ ਉਸ ਨੂੰ ਧਮਕੀਆਂ ਮਿਲਦੀਆਂ ਹਨ, ਤਾਂ ਉਸ ਦੀ ਸੁਰੱਖਿਆ ਯਕੀਨੀ ਬਣਾਈ ਜਾਣੀ ਚਾਹੀਦੀ ਹੈ। ਜੇ ਕਿਸੇ ਵਿਰੁੱਧ ਦੋਸ਼ ਸਾਬਤ ਹੁੰਦੇ ਹਨ, ਤਾਂ ਕਾਨੂੰਨ ਅਨੁਸਾਰ ਸਖ਼ਤ ਕਾਰਵਾਈ ਹੋਣੀ ਚਾਹੀਦੀ ਹੈ। ਕਾਨੂੰਨ ਦਾ ਰਾਜ ਇਸੇ ਨੂੰ ਕਿਹਾ ਜਾਂਦਾ ਹੈ ਕਿ ਕੋਈ ਵੀ ਵਿਅਕਤੀ ਆਪਣੇ ਅਹੁਦੇ, ਪੈਸੇ, ਪਹੁੰਚ ਜਾਂ ਤਾਕਤ ਦੇ ਬਲ 'ਤੇ ਕਾਨੂੰਨ ਤੋਂ ਉੱਪਰ ਨਾ ਹੋਵੇ। ਪਰਵਿੰਦਰ ਸਿੰਘ ਝੋਟਾ ਦੇ ਮਾਮਲੇ ਵਿੱਚ ਵੀ ਪੁਲਿਸ ਅਤੇ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਹੈ ਕਿ ਕਤਲ ਦੇ ਪੂਰੇ ਮਾਮਲੇ ਦੀ ਨਿਰਪੱਖ ਜਾਂਚ ਕੀਤੀ ਜਾਵੇ, ਸਬੂਤਾਂ ਦੇ ਆਧਾਰ 'ਤੇ ਦੋਸ਼ੀਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਂਦਾ ਜਾਵੇ ਅਤੇ ਉਸ ਦੇ ਪਰਿਵਾਰ ਨੂੰ ਇਨਸਾਫ਼ ਦਿਵਾਇਆ ਜਾਵੇ। ਇਹ ਸਿਰਫ਼ ਇੱਕ ਪਰਿਵਾਰ ਦੀ ਮੰਗ ਨਹੀਂ, ਸਗੋਂ ਕਾਨੂੰਨ ਵਿਵਸਥਾ ਵਿੱਚ ਲੋਕਾਂ ਦੇ ਭਰੋਸੇ ਦਾ ਸਵਾਲ ਵੀ ਹੈ। ਨਸ਼ਿਆਂ ਵਿਰੁੱਧ ਲੜਾਈ ਸਿਰਫ਼ ਨਾਅਰਿਆਂ ਨਾਲ ਨਹੀਂ ਜਿੱਤੀ ਜਾ ਸਕਦੀ। ਸਵਾਲ ਇਹ ਵੀ ਹੈ ਕਿ ਪੰਜਾਬ ਵਿੱਚ ਨਸ਼ਿਆਂ ਦੀ ਸਮੱਸਿਆ ਨੂੰ ਜੜ੍ਹੋਂ ਖ਼ਤਮ ਕਰਨ ਲਈ ਅਸਲ ਵਿੱਚ ਕਿੰਨੇ ਗੰਭੀਰ ਯਤਨ ਹੋ ਰਹੇ ਹਨ? ਜੇ ਨਸ਼ੇ ਵੇਚਣ ਵਾਲੇ ਜਾਲ ਸਰਗਰਮ ਰਹਿੰਦੇ ਹਨ, ਜੇ ਨੌਜਵਾਨ ਨਸ਼ਿਆਂ ਦੀ ਗ੍ਰਿਫ਼ਤ ਵਿੱਚ ਫ਼ਸਦੇ ਜਾਂਦੇ ਹਨ ਅਤੇ ਜੇ ਪਰਿਵਾਰ ਆਪਣੇ ਬੱਚਿਆਂ ਨੂੰ ਬਚਾਉਣ ਲਈ ਦਰ-ਦਰ ਭਟਕਦੇ ਹਨ, ਤਾਂ ਸਾਨੂੰ ਆਪਣੀ ਪੂਰੀ ਵਿਵਸਥਾ ਦੀ ਕਾਰਗੁਜ਼ਾਰੀ 'ਤੇ ਸਵਾਲ ਉਠਾਉਣੇ ਹੀ ਪੈਣਗੇ।

ਨਸ਼ਿਆਂ ਵਿਰੁੱਧ ਲੜਾਈ ਦਾ ਅਰਥ ਸਿਰਫ਼ ਨਸ਼ਾ ਕਰਨ ਵਾਲੇ ਨੌਜਵਾਨ ਨੂੰ ਫੜਨਾ ਨਹੀਂ ਹੋਣਾ ਚਾਹੀਦਾ। ਨਸ਼ਾ ਵੇਚਣ ਵਾਲੇ ਨੈੱਟਵਰਕਾਂ ਦੀ ਜਾਂਚ, ਸਪਲਾਈ 'ਤੇ ਰੋਕ, ਨਸ਼ਾ ਛੁਡਾਊ ਸੇਵਾਵਾਂ ਦੀ ਉਪਲਬਧਤਾ, ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਅਤੇ ਪਰਿਵਾਰਾਂ ਨੂੰ ਸਹਿਯੋਗ ਦੇਣਾ ਵੀ ਇਸ ਲੜਾਈ ਦੇ ਅਹਿਮ ਹਿੱਸੇ ਹਨ। ਨਸ਼ੇ ਦੀ ਲਪੇਟ ਵਿੱਚ ਆ ਚੁੱਕੇ ਨੌਜਵਾਨਾਂ ਨੂੰ ਸਿਰਫ਼ ਨਫ਼ਰਤ ਜਾਂ ਤਿਰਸਕਾਰ ਦੀ ਨਜ਼ਰ ਨਾਲ ਦੇਖਣ ਦੀ ਬਜਾਏ ਉਨ੍ਹਾਂ ਦੇ ਇਲਾਜ ਅਤੇ ਮੁੜ ਵਸੇਬੇ ਲਈ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਨੂੰ ਨਵੀਂ ਜ਼ਿੰਦਗੀ ਸ਼ੁਰੂ ਕਰਨ ਦਾ ਮੌਕਾ ਮਿਲਣਾ ਚਾਹੀਦਾ ਹੈ। ਇਸ ਦੇ ਨਾਲ ਹੀ ਨਸ਼ਿਆਂ ਦੇ ਗ਼ੈਰ-ਕਾਨੂੰਨੀ ਕਾਰੋਬਾਰ ਵਿੱਚ ਸ਼ਾਮਲ ਲੋਕਾਂ ਵਿਰੁੱਧ ਕਾਨੂੰਨ ਅਨੁਸਾਰ ਕਾਰਵਾਈ ਹੋਣੀ ਚਾਹੀਦੀ ਹੈ। ਪੀੜਤ ਨੂੰ ਸਹਾਰਾ ਅਤੇ ਅਪਰਾਧੀ ਨੂੰ ਸਜ਼ਾ ਇਹ ਦੋਵੇਂ ਗੱਲਾਂ ਇੱਕੋ ਸਮੇਂ ਜ਼ਰੂਰੀ ਹਨ।

ਕੀ ਇੱਕ ਆਵਾਜ਼ ਦੇ ਚੁੱਪ ਹੋਣ ਨਾਲ ਸਵਾਲ ਵੀ ਮੁੱਕ ਜਾਣਗੇ? ਪਰਵਿੰਦਰ ਝੋਟਾ ਦੀ ਮੌਤ ਤੋਂ ਬਾਅਦ ਸਭ ਤੋਂ ਵੱਡਾ ਸਵਾਲ ਇਹ ਨਹੀਂ ਕਿ ਹੁਣ ਉਸ ਦੀ ਥਾਂ ਕੌਣ ਲਵੇਗਾ, ਸਗੋਂ ਇਹ ਹੈ ਕਿ ਉਸ ਵੱਲੋਂ ਉਠਾਏ ਗਏ ਸਵਾਲਾਂ ਦੇ ਜਵਾਬ ਕੌਣ ਦੇਵੇਗਾ? ਕੀ ਪੰਜਾਬ ਵਿੱਚ ਨਸ਼ਿਆਂ ਦੀ ਸਪਲਾਈ ਰੁਕੇਗੀ? ਕੀ ਨਸ਼ਿਆਂ ਦੇ ਕਾਰੋਬਾਰ ਨਾਲ ਜੁੜੇ ਨੈੱਟਵਰਕਾਂ ਦੀ ਨਿਰਪੱਖ ਜਾਂਚ ਹੋਵੇਗੀ? ਕੀ ਨਸ਼ਿਆਂ ਵਿਰੁੱਧ ਸ਼ਿਕਾਇਤ ਕਰਨ ਵਾਲਿਆਂ ਨੂੰ ਸੁਰੱਖਿਆ ਮਿਲੇਗੀ? ਕੀ ਸਾਡੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਬਚਾਉਣ ਲਈ ਸਿਆਸੀ ਇੱਛਾ-ਸ਼ਕਤੀ ਅਤੇ ਪ੍ਰਸ਼ਾਸਨਿਕ ਜਵਾਬਦੇਹੀ ਦਿਖਾਈ ਦੇਵੇਗੀ? ਇਨ੍ਹਾਂ ਸਵਾਲਾਂ ਦਾ ਜਵਾਬ ਸੋਸ਼ਲ ਮੀਡੀਆ 'ਤੇ ਕੁਝ ਦਿਨਾਂ ਦੀ ਚਰਚਾ ਜਾਂ ਸਿਆਸੀ ਬਿਆਨਾਂ ਨਾਲ ਨਹੀਂ ਮਿਲਣਾ। ਜਵਾਬ ਜ਼ਮੀਨੀ ਪੱਧਰ 'ਤੇ ਹੋਣ ਵਾਲੀ ਕਾਰਵਾਈ ਵਿੱਚੋਂ ਮਿਲੇਗਾ। ਲੋਕਾਂ ਨੂੰ ਇਹ ਦਿਖਾਈ ਦੇਣਾ ਚਾਹੀਦਾ ਹੈ ਕਿ ਨਸ਼ਿਆਂ ਵਿਰੁੱਧ ਮੁਹਿੰਮ ਸਿਰਫ਼ ਕਿਸੇ ਇੱਕ ਵਿਅਕਤੀ ਦੀ ਕੋਸ਼ਿਸ਼ ਨਹੀਂ, ਸਗੋਂ ਪੂਰੇ ਸਮਾਜ ਅਤੇ ਸਰਕਾਰ ਦੀ ਸਾਂਝੀ ਜ਼ਿੰਮੇਵਾਰੀ ਹੈ। ਕਿਸੇ ਵੀ ਵਿਅਕਤੀ ਦੇ ਕੰਮ ਕਰਨ ਦੇ ਤਰੀਕਿਆਂ ਬਾਰੇ ਵੱਖੋ-ਵੱਖਰੇ ਵਿਚਾਰ ਹੋ ਸਕਦੇ ਹਨ, ਪਰ ਨਸ਼ਿਆਂ ਵਰਗੀ ਗੰਭੀਰ ਸਮਾਜਿਕ ਸਮੱਸਿਆ ਨੂੰ ਨਜ਼ਰ ਅੰਦਾਜ਼ ਨਹੀਂ ਕੀਤਾ ਜਾ ਸਕਦਾ। ਹਰ ਦੋਸ਼ ਦੀ ਜਾਂਚ ਸਬੂਤਾਂ ਦੇ ਆਧਾਰ 'ਤੇ ਹੋਣੀ ਚਾਹੀਦੀ ਹੈ ਅਤੇ ਕਿਸੇ ਵੀ ਵਿਵਾਦ ਦਾ ਨਿਪਟਾਰਾ ਹਿੰਸਾ ਦੀ ਬਜਾਏ ਕਾਨੂੰਨ ਰਾਹੀਂ ਹੋਣਾ ਚਾਹੀਦਾ ਹੈ।

ਪਰਵਿੰਦਰ ਸਿੰਘ ਝੋਟਾ ਦੀ ਮੌਤ ਪੰਜਾਬ ਲਈ ਇੱਕ ਗੰਭੀਰ ਚਿਤਾਵਨੀ ਹੈ। ਜੇ ਨਸ਼ਿਆਂ ਵਿਰੁੱਧ ਕੰਮ ਕਰਨ ਵਾਲੇ ਲੋਕਾਂ ਦੀ ਸੁਰੱਖਿਆ ਯਕੀਨੀ ਨਹੀਂ ਬਣਾਈ ਜਾਂਦੀ, ਤਾਂ ਇਸ ਦਾ ਅਸਰ ਸਮਾਜ ਵਿੱਚ ਹੋਰ ਲੋਕਾਂ ਦੇ ਹੌਸਲੇ 'ਤੇ ਵੀ ਪੈ ਸਕਦਾ ਹੈ। ਲੋਕਾਂ ਨੂੰ ਇਹ ਭਰੋਸਾ ਹੋਣਾ ਚਾਹੀਦਾ ਹੈ ਕਿ ਉਹ ਕਿਸੇ ਗ਼ਲਤ ਕੰਮ ਬਾਰੇ ਜਾਣਕਾਰੀ ਦੇ ਸਕਦੇ ਹਨ, ਆਪਣੀ ਗੱਲ ਰੱਖ ਸਕਦੇ ਹਨ ਅਤੇ ਕਾਨੂੰਨ ਉਨ੍ਹਾਂ ਦੀ ਰੱਖਿਆ ਕਰੇਗਾ। ਇਹ ਸਮਾਂ ਇੱਕ-ਦੂਜੇ 'ਤੇ ਦੋਸ਼ ਲਾਉਣ ਦਾ ਹੀ ਨਹੀਂ, ਸਗੋਂ ਆਪਣੀਆਂ ਜ਼ਿੰਮੇਵਾਰੀਆਂ ਪਛਾਣਨ ਦਾ ਵੀ ਹੈ। ਸਰਕਾਰ ਨੂੰ ਜਵਾਬਦੇਹ ਹੋਣਾ ਪਵੇਗਾ, ਪੁਲਿਸ ਨੂੰ ਨਿਰਪੱਖ ਕਾਰਵਾਈ ਕਰਨੀ ਪਵੇਗੀ, ਸਮਾਜ ਨੂੰ ਨਸ਼ਿਆਂ ਵਿਰੁੱਧ ਇਕਜੁੱਟ ਹੋਣਾ ਪਵੇਗਾ ਅਤੇ ਪਰਿਵਾਰਾਂ ਨੂੰ ਆਪਣੇ ਬੱਚਿਆਂ ਨਾਲ ਗੱਲਬਾਤ ਦਾ ਰਸਤਾ ਅਪਣਾਉਣਾ ਪਵੇਗਾ।

ਪਰਵਿੰਦਰ ਸਿੰਘ ਝੋਟਾ ਦੀ ਮੌਤ ਨੂੰ ਸਿਰਫ਼ ਇੱਕ ਖ਼ਬਰ ਬਣ ਕੇ ਨਹੀਂ ਰਹਿ ਜਾਣਾ ਚਾਹੀਦਾ। ਇਹ ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਇੱਕ ਸਾਂਝੇ ਸੰਕਲਪ ਦਾ ਕਾਰਨ ਬਣਨੀ ਚਾਹੀਦੀ ਹੈ। ਕਿਉਂਕਿ ਸੱਚ ਇਹ ਹੈ ਕਿ ਇੱਕ ਵਿਅਕਤੀ ਦੀ ਆਵਾਜ਼ ਨੂੰ ਚੁੱਪ ਕਰਾਇਆ ਜਾ ਸਕਦਾ ਹੈ, ਪਰ ਉਸ ਵੱਲੋਂ ਉਠਾਏ ਗਏ ਸਵਾਲਾਂ ਨੂੰ ਹਮੇਸ਼ਾ ਲਈ ਦਬਾਇਆ ਨਹੀਂ ਜਾ ਸਕਦਾ। ਨਸ਼ਿਆਂ ਵਿਰੁੱਧ ਲੜਾਈ ਕਿਸੇ ਇੱਕ ਪਰਵਿੰਦਰ ਝੋਟੇ ਦੀ ਨਹੀਂ ਸੀ, ਸਗੋਂ ਪੰਜਾਬ ਦੇ ਹਰ ਉਸ ਮਾਪੇ ਦੀ ਲੜਾਈ ਹੈ ਜੋ ਆਪਣੇ ਬੱਚੇ ਨੂੰ ਸੁਰੱਖਿਅਤ ਅਤੇ ਤੰਦਰੁਸਤ ਦੇਖਣਾ ਚਾਹੁੰਦਾ ਹੈ। ਪਰਵਿੰਦਰ ਸਿੰਘ ਝੋਟਾ ਪੰਜਾਬ ਦੀ ਨੌਜਵਾਨੀ ਦੇ ਭਵਿੱਖ ਲਈ ਲੜਦਾ ਹੋਇਆ ਮਾਰਿਆ ਗਿਆ। ਉਸ ਦੀ ਕੁਰਬਾਨੀ ਵਿੱਚੋਂ ਬਹੁਤ ਸਵਾਲ ਖੜ੍ਹੇ ਹੋ ਰਹੇ ਹਨ। ਨਸ਼ਿਆਂ ਖ਼ਿਲਾਫ਼ ਨਿਰੰਤਰ ਲੜਾਈ ਜਾਰੀ ਰੱਖਣ ਵਾਲੇ ਇਸ ਯੋਧੇ ਦੀ ਕੁਰਬਾਨੀ ਨੂੰ ਕਦੇ ਨਹੀਂ ਭੁਲਾਇਆ ਜਾ ਸਕਦਾ।



ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



Karan Shergill-Gurman Malhi & Yuba City Brothers

web -www.globaldrugtestinginc@gmail.com email -info@globaltruckpermits.com

ਕੈਲੇਫੋਰਨੀਆ ਅੰਦਰ ਸਾਰੀਆਂ ਸੇਵਾਵਾਂ ਇੱਕੋ ਥਾਂ

GLOBAL TRUCK PERMITS

ਦੇ ਜ਼ਰੀਏ ਲੈ ਕੇ ਜਾਉ ਤੁਹਾਡੇ Business ਨੂੰ ਤਰੱਕੀਆਂ ਵੱਲ

ਟ੍ਰੱਕਰ ਵੀਰਾਂ ਵਾਸਤੇ, ਇੱਕ ਹੀ ਛੱਤ ਹੇਠ

New Company Permits
IRP Plates
Trailer Plates
Truck ELD
DOT Drug Testing



DOT Drug Testing | Compliance Services | Driver Hiring

Driver Files | Safety Audit | Clearing House | Driver Management





ਰਾਜਿੰਦਰ ਟਾਂਡਾ

“ਸਾਡਾ ਇਸ ਕੰਮ ਵਿਚ
19 ਸਾਲ ਦਾ ਤਜਰਬਾ ਹੈ”

ਅੱਜ ਹੀ ਕਾਲ ਕਰੋ :

Ph : (209) 636-0880 | Ph : (209) 364-3020 | Cell :(510) 557-6988

Address: 159 Darcy Pkwy Lathrop, CA 95330





ਕਈ ਵੀਰਾਂ ਦੇ

LICENSE CANCEL

ਹੋ ਰਹੇ ਹਨ ਤੇ ਹੁਣ
ਉਹ ਆਪਣਾ ਟਰੱਕ ਵੀ ਨਹੀਂ
ਚਲਾ ਸਕਦੇ।

ਕਿਉਂਕਿ DMV ਕਈ ਲੋਕਾਂ ਦੇ CDL License Cancel ਕਰ ਰਿਹਾ

ਖਾਸ ਕਰਕੇ ਉਹਨਾਂ ਦੇ ਜਿਨ੍ਹਾਂ ਕੋਲ

Green Card ਨਹੀਂ ਹੈ | I-485 Application ਅਜੇ Pending ਹੈ।

Ghuman Law Group ਤੁਹਾਡੇ ਨਾਲ ਹੈ

ਅਸੀਂ ਤੁਹਾਡੀ ਮਦਦ ਕਰ ਸਕਦੇ ਹਾਂ :



Green Card Case ਨੂੰ
ਜਲਦੀ ਹੱਲ ਕਰਨ ਵਿੱਚ



CDL ਅਤੇ ਕੰਮ ਨੂੰ ਬਚਾਉਣ
ਲਈ Legal Guidance



Deportation ਜਾਂ Immigration
Detention Cases ਵਿੱਚ Legal Advice



Appeals ਅਤੇ Immigration
Process ਵਿੱਚ ਸਹਾਇਤਾ



Estate Planning ਰਾਹੀਂ Property
ਅਤੇ Assets ਨੂੰ safe ਕਰਨ ਵਿੱਚ ਮਦਦ



ਤੁਹਾਡੇ ਪਰਿਵਾਰ ਦੇ ਭਵਿੱਖ ਨੂੰ
Secure ਬਣਾਉਣ ਵਿੱਚ ਸਹਾਇਤਾ

GHUMAN LAW GROUP INC.
Criminal Defense, Family and Immigration Law

Deportation ਜਾਂ Immigration Process ਦੇ ਦੌਰਾਨ ਘਰ, ਨੌਕਰੀ, ਜਾਇਦਾਦ ਤੇ ਮਿਹਨਤ ਦੀ ਕਮਾਈ ਤਕ ਖਤਰੇ ਵਿੱਚ ਪੈ ਸਕਦੇ ਹਨ

ਹੁਣੇ ਸੰਪਰਕ ਕਰੋ : (228) 200-0001 (ਮੁਫ਼ਤ ਸਲਾਹ ਵੀ ਉਪਲਬਧ ਹੈ)

Ghuman Law Group ਤੁਹਾਡੇ ਹੱਕਾਂ ਦੀ ਮਜ਼ਬੂਤ ਆਵਾਜ਼ | ਤੁਹਾਡਾ Legal Partner

ਕੁੱਟਤੰਤਰ

ਲੋਕਤੰਤਰ ਹੁਣ ਬਣ ਗਿਆ ਕੁੱਟਤੰਤਰ,
ਹੱਕ ਮੰਗਦਿਆਂ ਦੇ ਲਾਠੀਆਂ ਵਰ੍ਹਦੀਆਂ ਨੇ।
ਕੁੱਤੀ ਚੋਰਾਂ ਦੇ ਨਾਲ ਹੈ ਰਲ਼ੀ ਬੈਠੀ,
ਮੱਝਾਂ-ਗਾਵਾਂ ਸਭ ਖੇਤਾਂ ਨੂੰ ਚਰਦੀਆਂ ਨੇ।
ਇੱਜਤ ਰਹੀ ਨਾ ਧੀਆਂ ਧਿਆਣੀਆਂ ਦੀ,
ਕੁੱਟਾਂ ਖਾ-ਖਾ ਵਿਚਾਰੀਆਂ ਮਰਦੀਆਂ ਨੇ।
ਨੱਕ ਵਿੱਚ ਦਮ ਕੀਤਾ ਹੈ ਜ਼ੈਨ-ਜੀਆਂ ਨੇ,
ਇਹਨਾਂ ਕੋਲੋਂ ਸਰਕਾਰਾਂ ਹੁਣ ਡਰਦੀਆਂ ਨੇ।
ਘੱਟ ਗਿਣਤੀਆਂ ਦੀ ਦੇਸ਼ ਵਿੱਚ ਪੁੱਛ ਹੈ ਨ੍ਹੀਂ,
ਤਾਂਹੀਂਉਂ ਲੱਖਾਂ ਤਸੀਹੇ ਇਹ ਜਰਦੀਆਂ ਨੇ।
ਜਿਹਨਾਂ ਕੌਮਾਂ ਦੀ ਅਣਖ ਹੈ ਮਰੀ ਹੁੰਦੀ,
ਸਿਰ ਹੋਰਾਂ ਦੇ ਪੈਰੀਂ ਉਹ ਧਰਦੀਆਂ ਨੇ।



.ਗ਼ਜ਼ਲ

ਟੱਬਰ ਪਾਲਣ ਖਾਤਰ ਕੰਮ ਕਰਨਾ ਪੈਂਦਾ ਹੈ,
ਤਨ 'ਤੇ ਗਰਮੀ, ਸਰਦੀ ਨੂੰ ਜਰਨਾ ਪੈਂਦਾ ਹੈ।
ਐਵੇਂ ਪਿਆਰ ਕਿਸੇ ਦਾ ਨਹੀਂ ਮਿਲ ਜਾਂਦਾ ਇੱਥੇ,
ਪਿਆਰ ਦੇ ਵਿਚ ਕੁਝ ਤਾਂ ਯਾਰੋ, ਹਰਨਾ ਪੈਂਦਾ ਹੈ।
ਜੀਵਨ 'ਚ ਪਤਾ ਨਹੀਂ ਕਦ ਔਖਾ ਵੇਲਾ ਆ ਜਾਵੇ,
ਔਖੇ ਵੇਲੇ ਲਈ ਗੱਲਾ ਭਰਨਾ ਪੈਂਦਾ ਹੈ।
ਵੈਰੀ ਨੇ ਹਮਲਾ ਕੀਤਾ ਹੋਵੇ ਪਿੱਛੇ ਤੋਂ,
ਸੂਰਮਿਆਂ ਨੂੰ ਦਰਿਆ ਵੀ ਤਰਨਾ ਪੈਂਦਾ ਹੈ।
ਆਪਣੇ ਪਿਆਰੇ ਦੇਸ਼ ਦੇ ਲੋਕਾਂ ਦੀ ਰਾਖੀ ਲਈ,
ਸੂਰਮਿਆਂ ਨੂੰ ਹੱਦਾਂ 'ਤੇ ਮਰਨਾ ਪੈਂਦਾ ਹੈ।
ਜਿੱਥੇ ਸੱਚ ਬੋਲਣ ਦੀ ਸਖਤ ਮਨਾਹੀ ਹੋਵੇ,
ਉੱਥੇ ਫਿਰ ਸੱਚ ਬੋਲਣ ਤੋਂ ਡਰਨਾ ਪੈਂਦਾ ਹੈ।
ਜੇ ਆਪਣੇ ਲਈ ਕੁਝ ਲੈਣਾ ਹੋਵੇ ਮੁਰਸ਼ਦ ਤੋਂ,
ਉਸ ਦੇ ਅੱਗੇ ਸਿਰ ਆਪਣਾ ਧਰਨਾ ਪੈਂਦਾ ਹੈ।



LARRY T. NIERMEYER
Attorney at Law
OFFERING SERVICES IN THE FOLLOWING AREAS
1. Divorce/Family law
2. Restraining Orders
3. Criminal Matters
4. Driving Under Influence (DUI)
5. Work Injury/Car Injury
6. Defamation Cases
7. Personal Injury
8. Wrongful Death
9. Civil Litigation
PHONE: (209) 574-9447
1420 F STREET ST_ 2ND FLOOR MODESTO, CA 95354
Email : ltniermeyer@aol.com

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖ਼ਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



Maluk Singh Dhami



Akash Sharma

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ



ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ

ਸ਼ੁਭ ਕਾਮਨਾਵਾਂ ਸਹਿਤ
With Best Wishes

INTERNATIONAL FORUM USA



Karina Hou
Patron - (Chaina)



Dr. Surinder Singh Gill
Chairperson (India)



Guy Djoken
Senior Advisor (Peru)



Bhai Satpal Singh
Director (India)



Tomiko Duggan
Director - Japan



Sonia Reyes
Director - El Salvador



Shazia Shah
Director - Pakistan



Susan Macey
Director - USA



Thai Nguyen
Director - Vietnam



Tariq Ahmed Nizami
Director - Dubai



Raj Rathod
Director - Pakistan



Dr Nirmal Pahadi
Director - Nepal



Deborah Adijibi
Secretary - Ghana





RE/MAX EXECUTIVE

ਨਵਾਂ ਜਾਂ ਪੁਰਾਣਾ ਘਰ
ਖਰੀਦਣ ਜਾਂ ਵੇਚਣ ਲਈ
ਅੱਜ ਹੀ ਸੰਪਰਕ ਕਰੋ।

Kirandeep Kaur

Realtor ® CalDRE # 02115235

ਤੁਸੀਂ ਸਾਡੇ ਨਾਲ ਹਿੰਦੀ ਅਤੇ ਪੰਜਾਬੀ
ਭਾਸ਼ਾ 'ਚ ਵੀ ਗੱਲ ਕਰ ਸਕਦੇ ਹੋ।

Contact : Cell (209) 550-1704

220 - A Standiford Ave, Modesto, CA 95350, kkaur@mycvre.com

EACH OFFICE IS INDEPENDENTLY OWNED AND OPERATED


47ਵੇਂ ਯੂਬਾ ਸਿਟੀ ਸਲਾਨਾ
ਨਗਰ ਕੀਰਤਨ ਦੀ
ਸਮੂਹ ਸੰਗਤ ਨੂੰ ਲੱਖ ਲੱਖ ਵਧਾਈ ਹੋਵੇ ਜੀ
HARRYDHILLON
ਹੈਰੀ ਢਿੱਲੋਂ
MOUNTAIN HOUSE, CA
www.harrydhillon.org

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ

Gurnam Singh Pamma

Yuba City California



ਪਬਲਿਕ ਹਿਤ ਵਿੱਚ ਸੂਚਨਾ

ਮੈਂ **ਗੁਰਦੀਪ ਸਿੰਘ ਸੰਧੂ** ਜਿਵੇਂ ਕਿ ਤੁਸੀਂ ਜਾਣਦੇ ਹੋ 1973 ਤੋਂ ਹੋਮਿਓਪੈਥਿਕ/ਆਯੁਰਵੈਦਿਕ ਦੀ ਪ੍ਰੈਕਟਿਸ ਕਰ ਰਿਹਾ ਹਾਂ ਇਸ ਪੰਜ ਦਹਾਕਿਆਂ ਤੋਂ ਵੱਧ ਦੇ ਸਮੇਂ ਵਿਚ ਮੈਡੀਕਲ ਕਾਲਜਾਂ ਵਿਚ ਪ੍ਰੋ. ਪ੍ਰਿੰਸੀਪਲ ਤੇ ਚੀਫ਼ ਮੈਡੀਕਲ ਅਫਸਰ ਦੇ ਤੌਰ ਤੇ ਸੇਵਾਵਾਂ ਦਿੰਦਾ ਰਿਹਾ ਹਾਂ। 1996 ਤੋ ਅਮਰੀਕਾ ਵਿਚ ਵੱਖ-ਵੱਖ ਰੇਡੀਓ, ਟੀ.ਵੀ ਸਟੇਸ਼ਨਾਂ, ਯੂਟਿਊਬ, ਫੇਸਬੁਕ ਤੇ ਵੱਖ-ਵੱਖ ਮੀਡੀਆ ਚੈਨਲਾਂ ਰਾਹੀਂ ਪਬਲਿਕ ਨੂੰ ਜੀਵਨ ਤੋਂ ਜੀਵਨ ਦੀ ਉਤਪਤੀ ਸਰੀਰਕ ਬਣਤਰ, ਵਿਸਥਾਰ, ਸਿਹਤ, ਬਿਮਾਰੀ ਅਤੇ ਇਲਾਜਾਂ ਪ੍ਰਤੀ ਜਾਗਰੂਕ ਕਰਦਾ ਆ ਰਿਹਾਂ। ਅੱਜ ਦੇ ਵਕਤ ਅਮੈਰਿਕਨ ਇਕੌਨਮੀ ਦੀ ਮਾੜੀ ਹਾਲਤ ਹੋਣ ਕਰਕੇ ਐਲਾਨ ਕਰਦਾ ਹਾਂ ਕਿ ਕਿਸੇ ਵੀ ਉਮਰ ਵਿਚ ਕਿਸੇ ਵੀ ਬਿਮਾਰੀ ਦਾ ਇਲਾਜ ਕਰਵਾਉਂਦੇ ਜਦ ਥੱਕ ਗਏ ਹੋ ਕੋਈ ਹਲ ਨਹੀਂ ਦਿਸ ਰਿਹਾ ਤਾਂ ਇਕ ਮੌਕਾ ਹੋਮਿਓਪੈਥਿਕ ਦੇ ਸਿਧਾਂਤਕ ਇਲਾਜ ਲਈ ਮੈਨੂੰ ਦਿਓ ਇਸ ਲਈ ਕਾਲ ਕਰੋ: **408 687 1899**

ਸਿਹਤ ਵਿਗਿਆਨ ਦੀ ਲੜੀਵਾਰ ਸੀਰੀਜ਼ ਲੈਕਚਰ ਸੁਣਨ ਲਈ ਮੇਰਾ ਫੇਸਬੁਕ ਅਤੇ ਯੂਟਿਊਬ ਚੈਨਲ https://youtube/duhk3caceu, sabrang station.com(radio station) ਰੋਜ਼ਾਨਾ ਕੈਲੇਫੋਰਨੀਆ ਟਾਈਮ ਸ਼ਾਮ ਨੂੰ 5 ਤੋ 6 ਵਜੇ ਤਕ ਸੁਣੋ।

Working under sb577 act of California



ਡਰਾਈਵਰ ਵੀ ਜਿੰਦਗੀ ਦੇ
2 ਸਭ ਤੋਂ ਵੱਡੇ ਦੁਸ਼ਮਣ ਕੌਣ?
ਕਾਗਜ਼ ਤੇ ਘਾਣ ਦਾ ਇਨਵੌਇਸ!



ਇਨਵੌਇਸ ਬਣਾਓ ਆਸਾਨ, ਤੇ ਚਲੋ ਬੱਸ ਮਸਤਾਨ!

ਘੱਟ ਕਾਗਜ਼ੀ ਕੰਮ. ਹੋਰ ਕਿਲੋਮੀਟਰ. ਇਨਵੌਇਸ ਸਮਾਰਟ ਬਣਾਓ
Traki ਨਾਲ.

ਕਾਗਜ਼ ਸੰਭਾਲੋ
ਫੋਟੋ, PDF ਤੇ ਆਪਣੇ ਡੌਕੂਮੈਂਟ ਇਕੱਤਰ ਰੱਖੋ.

ਇਨਵੌਇਸ ਬਣਾਓ
AI ਮਦਦ ਨਾਲ ਆਟੋ ਫਿਲ ਅਤੇ ਪੋਸ਼ੇਵਰ ਇਨਵੌਇਸ ਤਿਆਰ.

ਕਮਾਈ ਵਧਾਓ
ਰਿਪੋਰਟ ਵੇਖੋ, ਕਮਾਈ ਟ੍ਰੈਕ ਕਰੋ, ਤੇ ਟਾਈਮ ਬਚਾਓ.

ਅੱਜ ਹੀ ਸ਼ੁਰੂ ਕਰੋ!

3 ਦਿਨ ਦਾ ਮੁਫ਼ਤ TRIAL ਮਿਲੇਗਾ!

ਟਰਾਈ ਕਰੋ, ਪਸੰਦ ਆਇਆ ਤਾਂ ਅੱਗੇ ਵਧੋ!

QR ਸਕੈਨ ਕਰੋ ਤੇ Traki ਡਾਊਨਲੋਡ ਕਰੋ ਹੁਣੇ!

ਟਾਈਮ ਬਚਾਓ
ਕਾਗਜ਼ੀ ਕੰਮ ਘੱਟ, ਡਰਾਈਵ ਵੱਧ.

ਗਲਤੀ ਘੱਟ
ਆਟੋਮੈਟਿਕ ਫਿਲ ਤੇ ਸਹੀ ਇਨਵੌਇਸ.

ਆਫਲਾਈਨ ਕੰਮ
ਇੰਟਰਨੈੱਟ ਬਿਜ਼ਾਂ ਵੀ ਸਭ ਕੁਝ ਚੱਲਦਾ.

ਸਭ ਕੁਝ ਇੱਕ ਜਗ੍ਹਾ
ਡੌਕੂਮੈਂਟ, ਇਨਵੌਇਸ ਤੇ ਰਿਪੋਰਟ – ਸਭ ਨਾਲ.

ਹੋਰ ਜਾਣਕਾਰੀ ਲਈ ਵੇਖੋ | TRAKIAPP.COM

TRAKI
ਡਰਾਈਵਰ ਦਾ ਅਸਲੀ ਯਾਰ.

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।


ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ

Punjabi Club

Sukhwinder Singh (KK Sidhu)
Founder of Punjabi club

Mandeep Kaur Sidhu
MD at Punjabi club



Arrested ?
DUI ?
Drug Charges ?
Gun Violation ?

Ghuman Law Group

Get the Legal Defence you Deserve.



Why Choose Us?

- ✓ Trusted Legal Experts
- ✓ Personalized Strategies
- ✓ Proven Track Record

Criminal Defence Law

- DUI / DWI Defense
- Drug Charges
- Domestic Violence Defense
- Assault & Battery Defense
- Theft / Fraud / Financial Crimes
- Probation Violations

Contact Us

info@ghumanlawgroup.com
ghumanlawgroup.org
+1 228-200-0001

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗਰਦਆਰਾ ਸਾਹਿਬ ਯਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ

Indian & Fijian Grocery Store

ਇੱਥੇ ਪੱਗਾਂ, ਜਵੈਲਰੀ, ਧਾਰਮਿਕ ਫੋਟੋਆਂ, ਰੁਮਾਲਾ ਸਾਹਿਬ, ਪੂਜਾ ਦੀ ਸਮੱਗਰੀ,ਦਾਲਾਂ, ਨਮਕੀਨ
ਇੰਡੀਅਨ ਮੇਡ ਸਪੈਸ਼ਲ ਬਿਸਕੁਟ, ਤਾਜ਼ੀਆਂ ਸਬਜ਼ੀਆਂ, ਫਰੋਜ਼ਨ ਸਬਜ਼ੀਆਂ ਤੇ ਨਾਲ ਹੀ ਖਰੀਦਦਾਰੀ ਕਰ
ਸਕਦੇ ਹੋ ਇੰਡੀਅਨ,ਪਾਕਿਸਤਾਨੀ ਤੇ ਫਿਜੀਆਨਾ ਗਰੌਸਰੀ

HOURS : 10:00am-8:00pm

2015 Yosemite Blvd. Modesto CA (209) 486-8233

@indianfijiangrocery

Nav Indian Merchandise Grocey Store



3230 Mitchell Road, STE, C, CERES, CA-95307 (209) 537-5702

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
ਗੁਰੂ ਮਾਨਿਓ ਗ੍ਰੰਥ, ਦਿਹਾੜਾ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।

ਸਿੱਖ ਟੈਂਪਲ ਗੁਰਦੁਆਰਾ ਸਾਹਿਬ ਯੂਬਾ ਸਿਟੀ ਦਾ 47ਵਾਂ ਸਲਾਨਾ ਮਹਾਨ ਨਗਰ ਕੀਰਤਨ ਅਤੇ
ਗੁਰਮਤਿ ਸਮਾਗਮ 1 ਨਵੰਬਰ 2026 ਦਿਨ ਐਤਵਾਰ ਨੂੰ ਬਹੁਤ ਸ਼ਰਧਾ ਅਤੇ ਉਤਸ਼ਾਹ ਨਾਲ ਸੰਗਤਾਂ ਦੇ
ਸਹਿਯੋਗ ਨਾਲ ਹੋਣ ਜਾ ਰਿਹਾ ਹੈ |

ਲੱਖ-ਲੱਖ ਵਧਾਈਆਂ

TRACY WINE & SPIRITS
CHECK CASHING & CIGARETTES FOR LESS



Lakhbir s Sahota (Kala)
Tracy

Tracy Wine & Spirit
854 W 11th St., Tracy CA-95376

Lathrop Liquor
15326 S Harlan Road, Lathrop CA-95330

Tracy Liquor
1220 W 11th St, Tracy CA-95376

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ

47ਵਾਂ ਸਾਲਾਨਾ ਮਹਾਨ ਨਗਰ ਕੀਰਤਨ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ਜੀ

ਜੁਗੋ ਜੁਗ ਅਟੱਲ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਗੁਰਗੱਦੀ ਦਿਵਸ ਨੂੰ ਸਮਰਪਿਤ,
